


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 07 ਦਸੰਬਰ 2024

Email:- lokbani08@gmail.com

TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗੇ
easyvisa
8283 000800

R. N. I. Punpun/29016/2008 * ਸਾਲ 16 , * ਅੰਕ : 117, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗ ਚੁੱਕੇ ਹਨ
easyvisa | 8283 000800

## ਕੈਨੇਡਾ ਸਰਕਾਰ ਨੇ ਹਥਿਆਰ ਨੂੰ ਲੈ ਕੇ ਲਾਈ ਪਾਬੰਦੀ

**ਵਿਨੀਪੈਗ, ਲੋਕ ਬਾਣੀ-** ਕੈਨੇਡਾ ਦੀ ਟਰੂਡੋ ਸਰਕਾਰ ਨੇ ਹਥਿਆਰਾਂ ਪ੍ਰਤੀ ਸਖ਼ਤ ਰੁਖ਼ ਅਪਣਾਉਂਦਿਆਂ 324 ਕਿਸਮ ਦੀਆਂ ਬੰਦੂਕਾਂ 'ਤੇ ਪਾਬੰਦੀ ਲਾਉਣ ਦਾ ਐਲਾਨ ਕੀਤਾ ਹੈ। ਪਾਬੰਦੀਸ਼ੁਦਾ ਅਸਾਲਟ ਸ਼ੈਲੀ ਦੀਆਂ ਰਾਈਫ਼ਲਾਂ ਵੀ ਸੰਘੀ ਸਰਕਾਰ ਦੀਆਂ ਪਾਬੰਦੀਆਂ ਵਿੱਚ ਸ਼ਾਮਲ ਹਨ। ਇਨ੍ਹਾਂ ਹਥਿਆਰਾਂ ਨੂੰ ਹੁਣ ਕੈਨੇਡਾ ਵਿੱਚ ਰੱਖਣ, ਵੇਚਣ ਜਾਂ ਦਰਾਮਦ ਕਰਨ 'ਤੇ ਪਾਬੰਦੀ ਲਾਈ ਗਈ ਹੈ। ਲੋਕ ਸੁਰੱਖਿਆ ਮੰਤਰੀ ਡੌਮੀਨਿਕ ਲੇਬਲਾਂਕ ਨੇ ਕਿਹਾ ਕਿ ਇਨ੍ਹਾਂ ਹਥਿਆਰਾਂ 'ਤੇ



ਪਾਬੰਦੀ ਲਾਉਣ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕੈਨੇਡਾ ਵਿੱਚ ਹਰੇਕ ਭਾਈਚਾਰਾ ਤੇ ਹਰੇਕ ਪਰਿਵਾਰ ਸੁਰੱਖਿਅਤ ਰਹੇ।

## ਬੀਐੈਸਐੈਫ ਨੇ ਪਾਕਿਸਤਾਨੀ ਸਰਹੱਦ ਤੇ ਆਪਣੀ ਚੋਕਸੀ ਵਧਾਈ

**ਜੋਧਪੁਰ, ਲੋਕ ਬਾਣੀ-**ਸੀਮਾ ਸੁਰੱਖਿਆ ਬਲ (BSF) ਨੇ ਭਾਰਤ-ਪਾਕਿਸਤਾਨ ਅਤੇ ਭਾਰਤ-ਬੰਗਲਾਦੇਸ਼ ਸਰਹੱਦਾਂ 'ਤੇ 600 ਤੋਂ ਵੱਧ 'ਸੰਵੇਦਨਸ਼ੀਲ ਖੇਤਰਾਂ' ਨੂੰ ਸੁਰੱਖਿਅਤ ਕਰਨ ਲਈ ਇੱਕ ਵਿਸ਼ੇਸ਼ ਇਲੈਕਟ੍ਰਾਨਿਕ ਨਿਗਰਾਨੀ ਪ੍ਰਾਜੈਕਟ ਸ਼ੁਰੂ ਕੀਤਾ ਹੈ, ਜਿਸ ਵਿੱਚ ਉਹ ਖੇਤਰ ਵੀ ਸ਼ਾਮਲ ਹੋਣਗੇ ਜਿੱਥੇ ਕੰਡਿਆਲੀ ਤਾਰ ਲਾਉਣਾ ਸੰਭਵ ਨਹੀਂ ਹੈ। ਬੀਐੱਸਐੱਫ ਦੇ 60ਵੇਂ ਸਥਾਪਨਾ ਦਿਵਸ ਮੌਕੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੰਮਲੇਨ ਵਿੱਚ ਇਸ ਬਲ ਦੇ ਡਾਇਰੈਕਟਰ



ਜਨਰਲ (ਡੀਜੀ) ਦਲਜੀਤ ਸਿੰਘ ਚੌਧਰੀ ਨੇ ਕਿਹਾ ਕਿ ਦਰਿਆਵਾਂ ਅਤੇ ਹੋਰ ਭੂਗੋਲਿਕ ਚੁਣੌਤੀਆਂ ਕਾਰਨ 4,069 ਕਿਲੋਮੀਟਰ ਲੰਬੀ ਭਾਰਤ-ਬੰਗਲਾਦੇਸ਼ ਸਰਹੱਦ ਵਿੱਚੋਂ ਲਗਪਗ 800 ਕਿਲੋਮੀਟਰ ਸਰਹੱਦ 'ਤੇ ਕੰਡਿਆਲੀ ਤਾਰ ਨਹੀਂ ਲੱਗੀ ਹੋਈ।

## ਪਾਕਿਸਤਾਨ ਸਰਕਾਰ ਨੂੰ ਭਾਰਤ ਨੇ ਮਸੁਦ ਅਜ਼ਹਰ ਖਿਲਾਫ ਐਕਸ਼ਨ ਲੈਣ ਲਈ ਕਿਹਾ

**ਨਵੀਂ ਦਿੱਲੀ, ਲੋਕ ਬਾਣੀ-** -ਭਾਰਤ ਨੇ ਅੱਜ ਪਾਕਿਸਤਾਨ ਨੂੰ ਜੈਸ਼-ਏ-ਮੁਹੰਮਦ (JEM) ਦੇ ਮੁਖੀ ਮਸੂਦ ਅਜ਼ਹਰ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਕਿਹਾ। ਖ਼ਬਰ ਆਈ ਸੀ ਕਿ ਅਜ਼ਹਰ ਨੇ ਹਾਲ ਹੀ ਵਿੱਚ ਬਹਾਵਲਪੁਰ ਵਿੱਚ ਇੱਕ ਰੈਲੀ ਵਿੱਚ ਭਾਸ਼ਣ ਦਿੱਤਾ ਸੀ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਜੇਕਰ ਖਬਰ ਸੱਚੀ ਹੈ ਤਾਂ ਇਸ ਤੋਂ ਅਤਿਵਾਦੀ ਗਤੀਵਿਧੀਆਂ ਨੂੰ ਰੋਕਣ ਸਬੰਧੀ ਪਾਕਿਸਤਾਨ ਦੇ 'ਦੋਹਰੇ ਮਾਪਦੰਡ' ਅਪਣਾਉਣ ਦਾ ਪਰਦਾਫਾਸ਼ ਹੋ



ਗਿਆ ਹੈ। ਜੈਸਵਾਲ ਨੇ ਕਿਹਾ, "'ਅਸੀਂ ਅਪੀਲ ਕਰਦੇ ਹਾਂ ਕਿ ਉਸ (ਅਜ਼ਹਰ) ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ

## ਵਿਦੇਸ਼ ਗਏ ਦੋ ਭਰਾਵਾਂ ਨੂੰ ਗੋਲੀਆਂ ਮਾਰੀਆਂ ਗਈਆਂ ਇਕ ਦੀ ਮੌਤ

**ਤਰਨ ਤਾਰਨ ਲੋਕ ਬਾਣੀ-** - ਇਲਾਕੇ ਦੇ ਨੰਦਪੁਰ ਨੇੜਲੇ ਨੌਸ਼ਹਿਰਾ ਪੰਨੂਆਂ ਦੇ ਕਿਸਾਨ ਸਰਬਜੀਤ ਸਿੰਘ ਦੇ ਕੈਨੇਡਾ ਰਹਿੰਦੇ ਦੋ ਪੁੱਤਰਾਂ ਨੂੰ ਅਣਪਛਾਤੇ ਵਿਅਕਤੀਆਂ ਨੇ ਅੱਜ ਗੋਲੀਆਂ ਮਾਰ ਦਿੱਤੀਆਂ। ਇਸ ਘਟਨਾ ਵਿੱਚ ਇੱਕ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ



ਦੂਜਾ ਗੰਭੀਰ ਜ਼ਖ਼ਮੀ ਹੋ ਗਿਆ ਜਿਸ ਨੂੰ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਹੈ।

## ਤਮਿਲਨਾਡੂ ਚ ਚੱਕਰਵਾਤੀ ਫੇਂਗਲ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਕਰੋੜਾਂ ਰੁਪਏ ਦੀ ਸਹਾਇਤਾ ਕੀਤੀ ਗਈ

**ਨਵੀਂ ਦਿੱਲੀ,ਲੋਕ ਬਾਣੀ-** ਗ੍ਰਹਿ ਮੰਤਰਾਲੇ (ਐਮ.ਐਚ.ਏ.) ਨੇ ਚੱਕਰਵਾਤ ਫੇਂਗਲ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸਟੇਟ ਡਿਜ਼ਾਸਟਰ ਰਿਸਪਾਂਸ ਫੰਡ (ਐਸ.ਡੀ.ਆਰ.ਐਫ.) ਤੋਂ ਕੇਂਦਰੀ ਹਿੱਸੇ ਵਜੋਂ ਤਾਮਿਲਨਾਡੂ ਨੂੰ 944.80 ਕਰੋੜ ਰੁਪਏ ਜਾਰੀ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ,ਇਹ ਐਲਾਨ 30 ਨਵੰਬਰ



ਨੂੰ ਤਾਮਿਲਨਾਡੂ ਚ ਚੱਕਰਵਾਤ ਫੇਂਗਲ ਦੇ ਆਉਣ ਤੋਂ ਕੁਝ ਦਿਨ ਬਾਅਦ ਆਇਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੀ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਘਟਾਉਣ ਲਈ ਕੁਦਰਤੀ ਆਫ਼ਤਾਂ ਤੋਂ ਪ੍ਰਭਾਵਿਤ ਰਾਜਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨ ਦੀ ਵਚਨਬੱਧਤ ਹੈ। ਅੰਤਰ-ਮੰਤਰਾਲਾ ਕੇਂਦਰੀ ਟੀਮ (ਆਈ.ਐਮ.ਸੀ.ਟੀ.) ਨੂੰ ਚੱਕਰਵਾਤੀ ਤੂਫਾਨ ਫੇਂਗਲ ਦੇ ਨੁਕਸਾਨ ਦਾ ਮੁਲਾਂਕਣ ਕਰਨ ਲਈ ਭੇਜਿਆ ਗਿਆ ਸੀ।

## ਪੰਜਾਬ ਦੀਆਂ ਜੇਲ੍ਹਾਂ ਵਿੱਚ ਹੋ ਰਿਹਾ ਧੜਿਆਂ ਵਿੱਚ ਝਗੜਾ ਚਾਰ ਹਵਾਲਾਤੀ ਜ਼ਖ਼ਮੀ

**ਕਪੂਰਥਲਾ, ਲੋਕ ਬਾਣੀ-**ਕੇਂਦਰੀ ਜੇਲ੍ਹ ਕਪੂਰਥਲਾ ਵਿਚ ਹਵਾਲਾਤੀਆਂ ਦੇ ਦੋ ਧੜਿਆਂ ਵਿਚ ਆਪਸੀ ਰੰਜਿਸ਼ ਕਾਰਨ ਲਗਭਗ 6 ਵਜੇ ਦੇ ਕਰੀਬ ਹੋਈ ਲੜਾਈ ਵਿਚ ਚਾਰ ਹਵਾਲਾਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਜੇਲ੍ਹ ਪੁਲਿਸ ਨੇ ਸਿਵਲ ਹਸਪਤਾਲ ਕਪੂਰਥਲਾ ਵਿਚ ਇਲਾਜ ਲਈ ਦਾਖਲ ਕਰਵਾਇਆ । ਇਨ੍ਹਾਂ ਵਿਚੋਂ ਇਕ ਹਵਾਲਾਤੀ ਮੁਕੇਸ਼ ਦੀ ਗੰਭੀਰ




ਹਾਲਤ ਨੂੰ ਦੇਖਦਿਆਂ ਉਸ ਨੂੰ ਅੰਮ੍ਰਿ ਸਰ ਦੇ ਮੈਡੀਕਲ ਕਾਲਜ ਵਿਖੇ ਰੈਫਰ ਕਰ ਦਿੱਤਾ ਹੈ ।

## ਪੁਲਿਸ ਨੇ ਕਾਬੂ ਕੀਤੇ ਦਸ ਗੈਂਗਸਟਰ

**ਅਮ੍ਰਿਤਸਰ, ਲੋਕ ਬਾਣੀ-**ਕਮਿਸ਼ਨਰੇਟ ਪੁਲੀਸ (ਸੀਪੀ) ਅੰਮ੍ਰਿਤਸਰ ਨੇ ਪਾਕਿਸਤਾਨ ਆਧਾਰਿਤ ਹਰਵਿੰਦਰ ਰਿੰਦਾ ਅਤੇ ਵਿਦੇਸ਼ ਆਧਾਰਿਤ ਹੈਪੀ ਪੱਸ਼ੀਆਂ, ਜੀਵਨ ਫੌਜੀ ਅਤੇ ਜਸ਼ਨਪ੍ਰੀਤ ਸਿੰਘ ਉਰਫ਼ ਲਾਲ ਵੱਲੋਂ ਚਲਾਏ ਜਾ ਰਹੇ ਗੈਂਗਸਟਰ ਮੌਡਿਊਲ ਦੇ ਚਾਰ ਮੁੱਖ ਸੰਚਾਲਕਾਂ ਸਣੇ 10 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਪੁਲੀਸ ਨੇ ਇਸ ਕਾਰਵਾਈ ਨਾਲ ਬਟਾਲਾ ਖੇਤਰ ਵਿੱਚ ਇੱਕ ਪੁਲੀਸ ਅਦਾਰੇ 'ਤੇ ਸੰਭਾਵਿਤ ਹਮਲੇ ਨੂੰ ਟਾਲਣ ਵਿੱਚ ਸਫਲਤਾ ਹਾਸਲ ਕੀਤੀ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ



ਗਏ ਚਾਰ ਮੁੱਖ ਮੁਲਜ਼ਮਾਂ ਦੀ ਪਛਾਣ ਅਰਜਨਪ੍ਰੀਤ ਸਿੰਘ ਵਾਸੀ ਅਵਾਣ ਰਾਮਦਾਸ, ਲਵਪ੍ਰੀਤ ਸਿੰਘ ਉਰਫ ਲਵ ਵਾਸੀ ਪੇਰੇਵਾਲ, ਬਸੰਤ ਸਿੰਘ ਅਤੇ ਅਮਨਪ੍ਰੀਤ ਸਿੰਘ ਉਰਫ਼ ਅਮਨ ਦੋਵੇਂ ਵਾਸੀ ਬਾਬਾ ਬਕਾਲਾ ਸਾਹਿਬ, ਅੰਮ੍ਰਿਤਸਰ ਵਜੋਂ ਹੋਈ ਹੈ।

## ਸ਼੍ਰੋਮਣੀ ਅਕਾਲੀ ਦਲ ਨੇ ਲਾਏ ਗੰਭੀਰ ਇਲਜ਼ਾਮ

**ਚੰਡੀਗੜ੍ਹ, ਵਿਨੋਦ ਸ਼ਰਮਾ-**ਸ਼੍ਰੋਮਣੀ ਅਕਾਲੀ ਨੇ ਪ੍ਰੈਸ ਕਾਨਫ਼ਰੰਸ ਕਰਦਿਆਂ ਸਾਰਿਆਂ ਦਾ ਧਨਵਾਦ ਕੀਤਾ ਜਿਨ੍ਹਾਂ ਨੇ ਸੁਖਬੀਰ ਸਿੰਘ ਬਾਦਲ ਤੇ ਹਮਲੇ ਦੀ ਨਿੰਦਾ ਕੀਤੀ। ਇਸ ਮੌਕੇ ਸੀਨੀਅਰ ਅਕਾਲੀ ਆਗੂ ਡਾ: ਦਲਜੀਤ ਸਿੰਘ ਚੀਮਾ ਦਾ ਕਹਿਣਾ ਹੈ ਕਿ ਕੁਝ ਤਾਕਤਾਂ ਪੰਜਾਬ ਦੀ ਅਮਨ ਸ਼ਾਂਤੀ ਭੰਗ ਕਰਨਾ ਚਾਹੁੰਦੀਆਂ ਹਨ , ਪਰ ਅਜਿਹਾ ਨਹੀਂ ਹੋਣ ਦਿੱਤਾ ਜਾਵੇਗਾ । ਸ਼੍ਰੋਮਣੀ ਅਕਾਲੀ ਦਲ ਕੋਰ ਕਮੇਟੀ ਨੇ ਅੱਜ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਹੋਏ ਕਾਤਲਾਨਾ ਹਮਲੇ ਨੂੰ ਸਿੱਖ ਰਵਾਇਤਾਂ, ਖ਼ਾਲਸਾ ਵਿਰਾਸਤ ਅਤੇ ਸਾਡੇ ਮਹਾਨ ਗੁਰੂ ਸਾਹਿਬਾਨ ਵਲੋਂ ਦਰਸਾਈਆਂ ਕਦਰਾਂ ਕੀਮਤਾਂ ਤੇ ਸੰਸਥਾਵਾਂ 'ਤੇ ਹਮਲਾ




ਹੈ। ਕਮੇਟੀ ਨੇ ਇਸ ਸਾਰੀ ਘਟਨਾ ਨੂੰ ਆਪ ਸਰਕਾਰ ਵਲੋਂ ਅਕਾਲੀ ਦਲ ਦੀ ਸੰਜਮੀ ਲੀਡਰਸ਼ਿਪ ਗੁਰੂ ਸਾਹਿਬਾਨ ਦੇ ਦਰਸਾਏ ਅਨੁਸਾਰ ਜੋ ਸਰਬੱਤ ਦੇ ਭਲੇ ਦੀ ਗੱਲ ਕਰਦੀ ਹੈ, ਨੂੰ ਖ਼ਤਮ ਮ ਕਰਨ ਦੀ ਡੂੰਘੀ ਸਾਜ਼ਿਸ਼ ਦੇ ਸਪਾਂਸਰ ਪ੍ਰੋਗਰਾਮ ਦਾ ਹਿੱਸਾ ਦੱਸਿਆ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਹੈਰੋਇਨ ਸਮੇਤ ਸਕੇ ਭੈਣ ਭਰਾ ਗ੍ਰਿਫ਼ਤਾਰ, ਦੋਵਾਂ ਖ਼ਿਲਾਫ਼ ਐੱਨਡੀਪੀਐਸ ਐਕਟ ਦੀਆਂ ਧਰਾਵਾਂ ਤਹਿਤ ਕੇਸ ਦਰਜ

ਲੁਧਿਆਣਾ (ਲੋਕ ਬਾਣੀ): ਕ੍ਰਾਈਮ ਬਰਾਂਚ ਦੀ ਟੀਮ ਨੇ 50 ਗ੍ਰਾਮ ਹੈਰੋਈਨ ਸਮੇਤ ਦੋ ਸਕੇ ਭੈਣ ਭਰਾਵਾਂ ਨੂੰ ਹਿਰਾਸਤ ਵਿੱਚ ਲਿਆ ਹੈ। ਜਾਂਚ ਅਧਿਕਾਰੀ ਥਾਣੇਦਾਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਰਣਜੋਤ ਪਾਰਕ ਹੈਬੋਵਾਲ ਦੀ ਰਹਿਣ ਵਾਲੀ ਰੀਤੂ ਮਲਹੋਤਰਾ ਅਤੇ ਉਸਦੇ ਭਰਾ ਪੁਸ਼ਪਕ ਮਲਹੋਤਰਾ ਵਜੋਂ ਹੋਈ ਹੈ। ਪੁਲਿਸ ਨੇ ਮੁਲਜ਼ਮਾਂ ਦੇ ਖਿਲਾਫ ਐਨਡੀਪੀਐਸ ਐਕਟ ਦੀਆਂ ਧਾਰਾਵਾਂ ਤਹਿਤ ਮੁਕਦਮਾ ਦਰਜ ਕਰਕੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।



ਜਾਂਚ ਅਧਿਕਾਰੀ ਦੇ ਮੁਤਾਬਕ ਪੁਲਿਸ ਪਾਰਟੀ ਗਸ਼ਤ ਦੇ ਸੰਬੰਧ ਵਿੱਚ ਰਾਮ ਸ਼ਰਣਮ ਦੇ ਕੋਲ ਪੈਂਦੇ ਬੁੱਢੇ ਨਾਲੇ ਦੇ ਲਾਗੇ ਮੌਜੂਦ ਸੀ । ਇਸੇ ਦੌਰਾਨ ਪੁਲਿਸ ਨੇ ਸ਼ੱਕ ਦੇ ਅਧਾਰ ਤੇ ਦੋਵਾਂ ਨੂੰ ਰੋਕ ਕੇ ਜਦ ਤਲਾਸ਼ੀ ਲਈ ਤਾਂ ਮੁਲਜਮਾਂ ਦੇ ਕਬਜ਼ੇ ਚੋਂ 50 ਗ੍ਰਾਮ ਹੈਰੋਈਨ ਮਿਲੀ । ਜਾਂਚ ਅਧਿਕਾਰੀ ਜਸਵਿੰਦਰ ਸਿੰਘ ਨੇ ਦੱਸਿਆ ਕਿ ਮੁੱਢਲੀ ਪੜਤਾਲ ਦੇ ਦੌਰਾਨ ਸਾਹਮਣੇ ਆਇਆ ਹੈ ਕਿ ਮੁਲਜਮ ਪਿਛਲੇ ਕੁਝ ਸਮੇਂ ਤੋਂ ਹੈਰੋਈਨ ਦੀ ਤਸਕਰੀ ਕਰ ਰਹੇ ਹਨ। ਮੁਲਜਮਾਂ ਕੋਲੋਂ ਵਧੇਰੇ ਪੁੱਛ ਕਿਛ ਕਰਨ ਲਈ ਉਨ੍ਹਾਂ ਨੂੰ ਸ਼ੁਕਰਵਾਰ ਦੁਪਹਿਰ ਤੋਂ ਬਾਅਦ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਪੁਲਿਸ ਨੂੰ ਉਮੀਦ ਹੈ ਕਿ ਰਿਮਾਂਡ ਹਾਸਲ ਕਰਨ ਤੋਂ ਬਾਅਦ ਮੁਲਜਮਾਂ ਕੋਲੋਂ ਪੁੱਛਗਿੱਛ ਦੇ ਦੌਰਾਨ ਕਈ ਅਹਿਮ ਖੁਲਾਸੇ ਹੋ ਸਕਦੇ ਹਨ ।

# ਅਕਾਲੀ ਦਲ ਕੋਰ ਕਮੇਟੀ ਦੀ ਮੀਟਿੰਗ ਅੱਜ: SGPC ਪ੍ਰਧਾਨ ਨੇ ਜਥੇਦਾਰ ਨਾਲ ਕੀਤੀ ਮੁਲਾਕਾਤ; ਸੁਖਬੀਰ ਬਾਦਲ 'ਤੇ ਹਮਲੇ ਤੋਂ ਬਾਅਦ ਹਲਚਲ ਤੇਜ਼

(ਲੋਕ ਬਾਣੀ) ਸ਼੍ਰੋਮਣੀ ਅਕਾਲੀ ਦਲ ਨੇ ਅੱਜ ਚੰਡੀਗੜ੍ਹ 'ਚ ਕੋਰ ਕਮੇਟੀ ਦੀ ਮੀਟਿੰਗ ਬੁਲਾਈ ਹੈ। ਇਹ ਮੀਟਿੰਗ ਅੱਜ ਬਾਅਦ ਦੁਪਹਿਰ ਸਾਢੇ ਤਿੰਨ ਵਜੇ ਸ਼ੁਰੂ ਹੋਵੇਗੀ। ਪਰ ਇਸ ਮੀਟਿੰਗ ਤੋਂ ਪਹਿਲਾਂ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕੀਤੀ। ਕਰੀਬ ਇੱਕ ਘੰਟੇ ਤੱਕ ਦੋਵਾਂ ਵਿਚਾਲੇ ਗੱਲਬਾਤ ਹੋਈ।

SHIROMANI AKALI DAL

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੇ ਸੁਖਬੀਰ ਬਾਦਲ 'ਤੇ ਹਮਲੇ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਜਥੇਦਾਰ ਗਿਆਨੀ ਰਘਬੀਰ ਸਿੰਘ ਵਿਚਾਲੇ ਇਹ ਪਹਿਲੀ ਮੁਲਾਕਾਤ ਹੈ। ਏਜੀਪੀਸੀ ਦੇ ਮੁਖੀ ਹਰਜਿੰਦਰ ਸਿੰਘ ਧਾਮੀ ਨੇ ਮੀਟਿੰਗ ਤੋਂ ਬਾਅਦ ਮੀਡੀਆ ਨਾਲ ਕੋਈ ਗੱਲ ਨਹੀਂ ਕੀਤੀ ਪਰ ਕਿਆਸ ਲਗਾਇਆ ਜਾ ਰਿਹਾ ਹੈ ਕਿ ਅੱਜ ਚੰਡੀਗੜ੍ਹ ਵਿੱਚ ਹੋਣ ਜਾ ਰਹੀ ਮੀਟਿੰਗ ਸਬੰਧੀ ਗੱਲਬਾਤ ਹੋਈ ਹੈ।

ਦੂਜੇ ਪਾਸੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅਕਾਲੀ ਦਲ ਦੀ ਕਾਰਜਪ੍ਰਣਾਲੀ 'ਤੇ ਸਵਾਲ ਉਠਾਏ ਜਾਣ ਤੋਂ ਬਾਅਦ ਇਹ ਪਹਿਲੀ ਮੀਟਿੰਗ ਹੈ। 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਅਕਾਲੀ ਦਲ ਦੀ ਸਰਕਾਰ ਵੇਲੇ ਵਾਪਰੀਆਂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਅਕਾਲੀ ਦਲ ਨੂੰ ਤਾੜਨਾ ਕੀਤੀ ਸੀ।

# ਰਵਾਇਤੀ ਪਾਰਟੀਆਂ ਨੇ ਸਰਹੱਦੀ ਖਿੱਤੇ ਦੇ ਜਾਂਬਾਜ਼ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ-ਮੁੱਖ ਮੰਤਰੀ

ਬਟਾਲਾ, (ਲੋਕ ਬਾਣੀ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੀਆਂ ਰਵਾਇਤੀ ਸਿਆਸੀ ਪਾਰਟੀਆਂ ਉਤੇ ਵਰ੍ਹਦਿਆਂ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਸਰਹੱਦੀ ਖਿੱਤੇ ਦੇ ਬਹਾਦਰ ਲੋਕਾਂ ਦੀ ਪਿੱਠ 'ਚ ਛੁਰਾ ਮਾਰਿਆ ਅਤੇ ਆਪਣੇ ਨਿੱਜੀ ਮੁਫਾਦਾਂ ਲਈ ਇਸ ਖਿੱਤੇ ਦੀਆਂ ਕਈ ਪੀੜ੍ਹੀਆਂ ਨੂੰ ਬਰਬਾਦ ਕਰ ਦਿੱਤਾ।

ਬਟਾਲਾ ਵਿਖੇ ਨਵੀਂ ਅੱਪਗ੍ਰੇਡ ਸ਼ੂਗਰ ਮਿੱਲ ਲੋਕਾਂ ਨੂੰ ਸਮਰਪਿਤ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੁੱਖ ਨਾਲ ਕਿਹਾ ਕਿ ਸੂਬੇ ਦੇ ਅਗਾਂਹਵਧੂ ਅਤੇ ਉਪਜਾਊ ਸਰਹੱਦੀ ਖੇਤਰ ਨੂੰ ਰਵਾਇਤੀ ਸਿਆਸੀ ਪਾਰਟੀਆਂ ਨੇ ਦਰਕਿਨਾਰ ਕੀਤਾ ਜਿਸ ਕਰਕੇ ਇਹ ਖੇਤਰ ਵਿਕਾਸ ਦੀ ਰਫ਼ਤਾਰ ਵਿੱਚ ਪਛੜ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਦੇ ਆਗੂਆਂ ਨੇ ਆਪਣੀ ਤਾਕਤ ਦੀ ਦੁਰਵਰਤੋਂ ਕਰਕੇ ਸੂਬੇ ਦੀ ਨੌਜਵਾਨ ਪੀੜ੍ਹੀ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਬਰਬਾਦ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਦੇ ਵਾਸੀ ਬਹਾਦਰ ਲੋਕ ਹਨ ਜਿਨ੍ਹਾਂ ਨੇ ਹਮੇਸ਼ਾ ਦੇਸ਼ ਦੀ ਏਕਤਾ ਅਤੇ ਪ੍ਰਭੂਸੱਤਾ ਦੀ ਡਟ ਕੇ ਰਾਖੀ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ, ਇਹ ਧਰਤੀ ਮਹਾਨ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਕੀਤੀ ਪਵਿੱਤਰ ਧਰਤੀ ਹੈ ਅਤੇ ਇੱਥੇ ਬਹਾਦਰ ਅਤੇ ਮਿਹਨਤੀ ਲੋਕਾਂ ਦਾ ਵਸੇਬਾ ਹੈ, ਜਿਨ੍ਹਾਂ ਨੇ ਲੰਮਾ ਸਮਾਂ ਰਵਾਇਤੀ ਪਾਰਟੀਆਂ ਦੀ ਸਿਆਸੀ ਬਦਲਾਖੋਰੀ ਦਾ ਸੰਤਾਪ ਭੋਗਿਆ ਹੈ। ਮਹਾਨ ਦੇਸ਼ ਭਗਤ ਪੈਦਾ ਕਰਨ ਵਾਲੇ ਇਸ ਖੇਤਰ ਨੇ ਰਵਾਇਤੀ ਪਾਰਟੀਆਂ ਦੇ ਸ਼ਾਸਨ ਦੌਰਾਨ ਕਦੇ ਵਿਕਾਸ ਹੁੰਦਾ ਨਹੀਂ ਦੇਖਿਆ। ਬੜੇ ਦੁੱਖ ਦੀ ਗੱਲ ਹੈ ਕਿ ਇਸ ਇਲਾਕੇ ਦੇ ਵੱਡੇ ਯੋਗਦਾਨ ਦੇ ਬਾਵਜੂਦ ਇਸ ਖੇਤਰ ਦੇ ਲੋਕਾਂ ਨੂੰ ਰਵਾਇਤੀ ਪਾਰਟੀਆਂ ਨੇ ਧੋਖਾ ਦਿੱਤਾ ਹੈ।

ਹਾਲਾਂਕਿ, ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਸ ਖਿੱਤੇ ਦੇ ਵਿਕਾਸ ਲਈ ਅਣਥੱਕ ਮਿਹਨਤ ਕਰ ਰਹੀ ਹੈ ਜਿਸ ਸਦਕਾ 296 ਕਰੋੜ ਰੁਪਏ ਦੀ ਲਾਗਤ ਨਾਲ ਇਸ ਅੱਪਗ੍ਰੇਡ ਖੰਡ ਮਿੱਲ ਦੀ ਸਥਾਪਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਿੱਲ ਦੀ 3500 ਟਨ ਗੰਨੇ ਦੀ ਪਿੜਾਈ ਕਰਨ ਦੀ ਸਮਰੱਥਾ ਹੈ ਅਤੇ ਇਸ ਵਿੱਚ 14 ਮੈਗਾਵਾਟ ਦਾ ਕੋ-ਜੈਨਰੇਸ਼ਨ ਪਲਾਂਟ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮਿੱਲ ਵਿੱਚ ਰਿਫਾਇੰਡ ਖੰਡ ਦਾ ਉਤਪਾਦਨ ਕੀਤਾ ਜਾਵੇਗਾ ਅਤੇ ਅਜਿਹਾ ਕਰਨ ਵਾਲੀ ਇਹ ਸੂਬੇ ਦੀ ਪਹਿਲੀ ਸਹਿਕਾਰੀ ਖੰਡ ਮਿੱਲ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਮਿੱਲ ਦੇ ਮੌਜੂਦਾ ਸੀਜ਼ਨ ਦੌਰਾਨ 35 ਲੱਖ ਕੁਇੰਟਲ ਗੰਨੇ ਦੀ ਪਿੜਾਈ ਕਰਨ ਦਾ ਟੀਚਾ ਹੈ ਅਤੇ ਇਹ ਵਾਤਾਵਰਣ ਪੱਖੀ ਪਲਾਂਟ ਹੈ। ਉਨ੍ਹਾਂ ਕਿਹਾ ਕਿ ਇਹ ਭਾਰਤ ਵਿੱਚ ਆਪਣੀ ਕਿਸਮ ਦੀ ਪਹਿਲੀ ਖੰਡ ਮਿੱਲ ਹੈ ਜਿੱਥੇ 100 ਫੀਸਦੀ ਗੈਸ ਪਾਈਪ ਲਾਈਨ ਪਾਈ ਜਾਵੇਗੀ ਅਤੇ ਇਸ ਦੀ ਸਮਰੱਥਾ ਰੋਜ਼ਾਨਾ 14000 ਘਣ ਮੀਟਰ ਹੈ ਅਤੇ ਇਹ ਵਾਤਾਵਰਣ ਵਿੱਚ 30,000 ਕਾਰਾਂ ਦੇ ਹੁੰਦੇ ਪ੍ਰਦੂਸ਼ਣ ਦੇ ਬਰਾਬਰ ਪ੍ਰਦੂਸ਼ਣ ਨੂੰ ਰੋਕ ਸਕੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪਲਾਂਟ ਰੋਜ਼ਾਨਾ 150 ਟਨ ਤੋਂ ਵੱਧ ਰਹਿੰਦ-ਖੂੰਹਦ ਨੂੰ ਪ੍ਰੋਸੈਸ ਕਰੇਗਾ ਅਤੇ 20 ਟਨ ਆਰਗੈਨਿਕ ਖਾਦ ਤਿਆਰ ਕਰੇਗਾ ਜਿਸ ਨਾਲ




ਸਥਾਨਕ ਆਰਥਿਕਤਾ ਨੂੰ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਬਹਾਦਰਪੁਰ ਪੰਜਾਬ ਦਾ ਪਹਿਲਾ ਪਿੰਡ ਹੈ ਜਿੱਥੇ ਘਰ-ਘਰ ਬਾਇਓ ਰਸੋਈ ਗੈਸ ਪਹੁੰਚਾਉਣ ਲਈ ਪਾਈਪ ਲਾਈਨ ਵਿਛਾਈ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਮਿੱਲ ਵਿਸ਼ਵ ਭਰ ਵਿੱਚ ਉਪਲਬਧ ਨਵੀਨਤਮ ਤਕਨਾਲੋਜੀ ਨਾਲ ਲੈਸ ਹੈ ਅਤੇ ਇਸ ਨਾਲ ਖੇਤਰ ਦੇ ਗੰਨਾ ਕਾਸ਼ਤਕਾਰਾਂ ਨੂੰ ਬਹੁਤ ਲਾਭ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬੜੇ ਮਾਣ ਦੀ ਗੱਲ ਹੈ ਕਿ ਪੰਜਾਬ ਨਾ ਸਿਰਫ਼ ਦੇਸ਼ ਵਿੱਚ ਸਗੋਂ ਵਿਸ਼ਵ ਭਰ ਵਿੱਚ ਗੰਨੇ ਦਾ ਸਭ ਤੋਂ ਵੱਧ ਭਾਅ ਦੇ ਰਿਹਾ ਹੈ ਜਿਸ ਨਾਲ ਇਸ ਦੇ ਕਿਸਾਨਾਂ ਨੂੰ ਵੱਡਾ ਲਾਭ ਹੋ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੀ ਵਚਨਬੱਧਤਾ ਅਨੁਸਾਰ ਸੂਬਾ ਗੰਨੇ ਦੇ ਵੱਧ ਤੋਂ ਵੱਧ ਭਾਅ ਵਿੱਚ ਦੇਸ਼ ਦੀ ਅਗਵਾਈ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਹਮੇਸ਼ਾ ਹੀ ਗੰਨਾ ਕਾਸ਼ਤਕਾਰਾਂ ਨੂੰ ਸਭ ਤੋਂ ਭਾਅ ਦਿੱਤਾ ਹੈ ਅਤੇ ਇਹ ਸਿਲਸਿਲਾ ਭਵਿੱਖ ਵਿੱਚ ਵੀ ਜਾਰੀ ਰਹੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਸਮਾਜਿਕ ਸਾਂਝ ਦੀਆਂ ਤੰਦਾਂ ਏਨੀਆਂ ਮਜ਼ਬੂਤ ਹਨ ਕਿ ਪੰਜਾਬ ਦੀ ਉਪਜਾਊ ਧਰਤੀ 'ਤੇ ਕੋਈ ਵੀ ਬੀਜ ਉਗ ਸਕਦਾ ਹੈ ਪਰ ਇੱਥੇ ਨਫ਼ਰਤ ਦਾ ਬੀਜ ਕਿਸੇ ਵੀ ਕੀਮਤ 'ਤੇ ਨਹੀਂ ਪੁੰਗਰੇਗਾ। ਉਨ੍ਹਾਂ ਕਿਹਾ ਕਿ ਭਾਵੇਂ ਸੂਬੇ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨ ਦੀਆਂ ਕੋਝੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਪਰ ਪੰਜਾਬ ਮਹਾਨ ਗੁਰੂਆਂ, ਪੀਰਾਂ-ਪੈਗੰਬਰਾਂ, ਸੰਤਾਂ-ਮਹਾਪੁਰਸ਼ਾਂ ਦੀ ਪਵਿੱਤਰ ਧਰਤੀ ਹੈ, ਜਿਨ੍ਹਾਂ ਨੇ ਸਾਨੂੰ ਆਪਸੀ ਪਿਆਰ ਤੇ ਸਹਿਣਸ਼ੀਲਤਾ ਦਾ ਮਾਰਗ ਦਿਖਾਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਪਿਆਰ ਅਤੇ ਸਦਭਾਵਨਾ ਦੇ ਬੰਧਨ ਨੂੰ ਮਜ਼ਬੂਤ ਕਰਕੇ ਦਮਨ, ਬੇਇਨਸਾਫ਼ੀ ਅਤੇ ਜ਼ੁਲਮ ਦੀ ਜ਼ੋਰਦਾਰ ਮੁਖਾਲਫ਼ਤ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਸਿਹਤ, ਸਿੱਖਿਆ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਨੂੰ ਕੌਮੀ ਰਾਜਨੀਤੀ ਦਾ ਕੇਂਦਰ ਬਿੰਦੂ ਬਣਾਉਣ ਦਾ ਸਿਹਰਾ ਆਪ ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਖੇਤਰ ਉਨ੍ਹਾਂ ਦੀ ਸਰਕਾਰ ਦੀਆਂ ਪ੍ਰਮੁੱਖ ਪੰਜ ਤਰਜੀਹਾਂ ਹਨ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਥੇ ਦੂਜੀਆਂ ਸਿਆਸੀ ਪਾਰਟੀਆਂ ਨੇ ਹਮੇਸ਼ਾ ਹੀ ਨਫ਼ਰਤ ਅਤੇ ਫੁੱਟ ਪਾਉਣ ਦੇ ਏਜੰਡੇ ਨੂੰ ਅੱਗੇ ਵਧਾਇਆ ਹੈ, ਉੱਥੇ ਆਪ ਨੇ ਇਨ੍ਹਾਂ ਖੇਤਰਾਂ ਨੂੰ ਪਹਿਲ ਦੇ ਕੇ ਰਾਜਨੀਤੀ ਨੂੰ ਨਵੀਂ ਦਿਸ਼ਾ ਦਿੱਤੀ ਹੈ।

ਗੁਰਬਾਣੀ ਦੀ ਤੁਕ 'ਪਵਣੁ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ' ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਗੁਰੂ ਸਾਹਿਬ ਜੀ ਨੇ ਹਵਾ (ਪਵਨ) ਨੂੰ ਗੁਰੂ ਨਾਲ, ਪਾਣੀ ਨੂੰ ਪਿਤਾ ਨਾਲ ਅਤੇ ਜ਼ਮੀਨ (ਧਰਤ) ਨੂੰ ਮਾਤਾ ਦਾ ਦਰਜਾ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਜਦੋਂ ਸਾਨੂੰ ਸੂਬੇ ਦੇ ਵਾਤਾਵਰਨ ਨੂੰ ਬਚਾਉਣ ਦਾ ਸੰਕਲਪ ਲੈ ਕੇ ਸੂਬੇ ਦੀ ਪੁਰਾਤਨ ਸ਼ਾਨ ਨੂੰ ਬਹਾਲ ਕਰਨ ਲਈ ਗੁਰਬਾਣੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪ੍ਰਦੂਸ਼ਣ ਨੂੰ ਘਟਾਉਣ ਲਈ ਅਜਿਹੇ ਪਲਾਂਟ ਲਗਾ ਰਹੀ ਹੈ ਜਿਸ ਨਾਲ ਸੂਬੇ ਨੂੰ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਵਿੱਚ ਮਦਦ ਮਿਲੇਗੀ।

ਅਕਾਲੀ ਆਗੂਆਂ ਤੇ ਚੁਟਕੀ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਆਗੂ ਵੱਡੇ-ਵੱਡੇ ਦਾਅਵੇ ਕਰਨ ਦੇ ਬਾਵਜੂਦ ਲੋਕਾਂ ਦੇ ਭਲੇ ਲਈ ਚੰਗੇ ਕੰਮ ਕਰਨ ਚ ਬੁਰੀ ਤਰ੍ਹਾਂ ਨਾਕਾਮ ਰਹੇ। ਅਜਿਹੇ ਮਾੜੇ ਕੰਮਾਂ ਕਾਰਨ ਹੀ ਹੁਣ ਅਕਾਲੀ ਆਗੂਆਂ ਨੂੰ ਲੋਕ ਰੋਹ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਆਮ ਆਦਮੀ ਦੀ ਤਾਕਤ ਹੀ ਸਭ ਤੋਂ ਵੱਡੀ ਹੁੰਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 25 ਸਾਲ ਰਾਜ ਕਰਨ ਦਾ ਦਾਅਵਾ ਕਰਨ ਵਾਲਿਆਂ ਨੂੰ ਲੋਕਾਂ ਨੇ ਸਿਆਸੀ ਗੁਮਨਾਮੀ ਵਿੱਚ ਭੇਜ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਅਜਿਹੇ ਪ੍ਰਾਜੈਕਟ ਸਥਾਪਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਥਾਨਕ ਨੌਜਵਾਨਾਂ ਨੂੰ ਨੌਕਰੀਆਂ ਦੇਣ ਨੂੰ ਯਕੀਨੀ ਬਣਾਉਣ ਲਈ ਠੋਸ ਉਪਰਾਲੇ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਨੌਜਵਾਨਾਂ ਦੇ ਨੌਕਰੀਆਂ ਦੀ ਭਾਲ ਵਿੱਚ ਵਿਦੇਸ਼ ਜਾਣ ਦੇ ਰੁਝਾਨ ਨੂੰ ਰੋਕਣ ਵਿੱਚ ਮਦਦ ਮਿਲੇਗੀ ਅਤੇ ਨੌਜਵਾਨਾਂ ਨੂੰ ਸੂਬੇ ਦੀ ਸਮਾਜਿਕ ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਾਇਆ ਜਾਵੇਗਾ।

# ਦਿੱਲੀ ਜਾ ਰਹੇ ਕਿਸਾਨਾਂ ਦਾ ਜੱਥਾ ਪਿੱਛੇ ਹਟਿਆ, 7 ਕਿਸਾਨ ਜ਼ਖ਼ਮੀ



ਚੰਡੀਗੜ੍ਹ (ਲੋਕ ਬਾਣੀ)– ਦਿੱਲੀ ਮਾਰਚ ਸ਼ੁਰੂ ਹੋਣ ਤੋਂ ਕਰੀਬ ਸਾਢੇ ਤਿੰਨ ਘੰਟੇ ਬਾਅਦ ਕਿਸਾਨ ਸ਼ੰਭੂ ਸਰਹੱਦ ਤੋਂ ਪਿੱਛੇ ਹਟ ਰਹੇ ਹਨ। ਕਿਸਾਨ ਆਗੂ ਸਰਵਣ ਸਿੰਘ ਨੇ ਕਿਹਾ ਕਿ ਸਾਡੇ ਕਈ ਆਗੂ ਜ਼ਖ਼ਮੀ ਹੋਏ ਹਨ। ਅਸੀਂ ਆਪਣੇ ਜੱਥੇ ਨੂੰ ਵਾਪਸ ਬੁਲਾ ਰਹੇ ਹਾਂ। ਮਾਰਚ ਬਾਰੇ ਫੈਸਲਾ ਬਾਅਦ ਵਿੱਚ ਲਿਆ ਜਾਵੇਗਾ।

ਪਿਛਲੇ 9 ਮਹੀਨਿਆਂ ਤੋਂ ਪੰਜਾਬ-ਹਰਿਆਣਾ ਸਰਹੱਦ ਤੇ ਡੇਰੇ ਲਾਏ ਹੋਏ ਕਿਸਾਨਾਂ ਨੇ 101 ਕਿਸਾਨਾਂ ਦੇ ਜਥੇ ਨੂੰ ਦੁਪਹਿਰ 1 ਵਜੇ ਦਿੱਲੀ ਭੇਜਿਆ ਸੀ। ਇਸ ਤੋਂ ਬਾਅਦ ਕਿਸਾਨਾਂ ਨੇ ਬੈਰੀਕੇਡ ਅਤੇ ਕੰਡਿਆਲੀ ਤਾਰ ਨੂੰ ਉਖਾੜ ਦਿੱਤਾ। ਇਸ ਤੋਂ ਬਾਅਦ ਹਰਿਆਣਾ ਪੁਲਿਸ ਨੇ ਉਨ੍ਹਾਂ ਨੂੰ ਚੇਤਾਵਨੀ ਦਿੱਤੀ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ, ਜਿਸ ਨਾਲ 7 ਕਿਸਾਨ ਜ਼ਖ਼ਮੀ ਹੋ ਗਏ।

# ਪੰਜਾਬ ਚ ਨਗਰ ਨਿਗਮ ਚੋਣਾਂ ਲੜੇਗਾ ਅਕਾਲੀ ਦਲ: ਡਾ.ਚੀਮਾ ਨੇ ਕੋਰ ਕਮੇਟੀ ਦੀ ਮੀਟਿੰਗ ਚ ਕੀਤਾ ਐਲਾਨ



ਚੰਡੀਗੜ੍ਹ (ਲੋਕ ਬਾਣੀ)– ਪੰਜਾਬ ਦੇ ਅੰਮ੍ਰਿਤਸਰ ਚ ਸੁਖਬੀਰ ਸਿੰਘ ਬਾਦਲ ਤੇ ਹਮਲੇ ਦੀ ਅਸਫਲ ਕੋਸ਼ਿਸ਼ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਅੱਜ ਚੰਡੀਗੜ੍ਹ ਚ ਕੋਰ ਕਮੇਟੀ ਦੀ ਮੀਟਿੰਗ ਬੁਲਾਈ ਹੈ। ਮੀਟਿੰਗ ਵਿੱਚ ਡਾ: ਦਲਜੀਤ ਸਿੰਘ ਚੀਮਾ ਨੇ ਪਾਰਟੀ ਵੱਲੋਂ ਨਗਰ ਨਿਗਮ ਚੋਣਾਂ ਲੜਨ ਦਾ ਐਲਾਨ ਕੀਤਾ ਹੈ। ਜਦੋਂ ਕਿ ਪਿਛਲੇ ਮਹੀਨੇ ਹੋਈਆਂ ਉਪ ਚੋਣ ਨਾ ਲੜਨ ਦਾ ਫੈਸਲਾ ਕੀਤਾ ਗਿਆ ਸੀ।

ਇਸ ਮੀਟਿੰਗ ਤੋਂ ਪਹਿਲਾਂ ਅੱਜ ਬਾਅਦ ਦੁਪਹਿਰ ਅੰਮ੍ਰਿਤਸਰ ਵਿੱਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲਣ ਆਏ। ਕਰੀਬ ਇੱਕ ਘੰਟੇ ਤੱਕ ਦੋਵਾਂ ਵਿਚਾਲੇ ਗੱਲਬਾਤ ਹੋਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 9 ਦਸੰਬਰ ਨੂੰ ਅੰਮ੍ਰਿਤਸਰ ਵਿਖੇ ਮੀਟਿੰਗ ਬੁਲਾਈ ਹੈ।

ਅੱਜ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੌਰਾਨ ਡਾ: ਦਲਜੀਤ ਸਿੰਘ ਚੀਮਾ ਨੇ ਐਲਾਨ ਕੀਤਾ ਹੈ ਕਿ ਆਉਣ ਵਾਲੀਆਂ 4 ਨਗਰ ਨਿਗਮ ਅਤੇ 45 ਨਿਗਮ ਚੋਣਾਂ ਲਈ ਅਕਾਲੀ ਦਲ ਆਪਣੇ ਉਮੀਦਵਾਰ ਖੜ੍ਹੇ ਕਰੇਗਾ।

# ਰਾਜਪੁਰਾ ਚ ਥਰਮਲ ਪਲਾਂਟ ਮੁੱਖੀ ਅਤੇ ਨੇੜਲੇ ਪਿੰਡਾਂ ਦੇ ਸਰਪੰਚਾਂ ਚ ਹੋਈ ਮੀਟਿੰਗ, ਮੰਗਾਂ ਸਬੰਧੀ ਇਕ ਮਹੀਨੇ ਦਾ ਸਮਾਂ ਨਿਰਧਾਰਤ



ਰਾਜਪੁਰਾ,(ਲੋਕ ਬਾਣੀ)):ਨਾਭਾ ਪਾਵਰ ਪਲਾਂਟ (ਥਰਮਲ ਪਲਾਂਟ) ਵੱਲੋਂ ਨੇੜਲੇ ਕਰੀਬ 49 ਪਿੰਡਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਵਿਚੋਂ ਕੁਝ ਸਕੀਮਾਂ ਪਲਾਂਟ ਵੱਲੋਂ ਬੰਦ ਕੀਤੇ ਜਾਣ ਨੂੰ ਲੈ ਕੇ ਭਾਰੀ ਰੋਸ਼ ਕਰਦਿਆਂ ਬੀਤੇ ਦਿਨੀਂ ਕਰੀਬ ਚਾਰ ਦਰਜਨ ਪਿੰਡਾਂ ਦੇ ਲੋਕਾਂ ਵੱਲੋਂ ਰੋਸ ਪ੍ਰਦਰਸ਼ਨ ਕਰਕੇ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਗਿਆ ਸੀ।ਉਕਤ ਧਰਨੇ ਨੂੰ ਪੁਲੀਸ ਪ੍ਰਸ਼ਾਸਨ ਅਤੇ ਹਲਕਾ ਵਿਧਾਇਕਾ ਨੀਨਾ ਮਿੱਤਲ ਦੇ ਸਪੁੱਤਰ ਐਡਵੋਕੇਟ ਲਵੀਸ਼ ਮਿੱਤਲ ਵੱਲੋਂ ਸਮੱਸਿਆ ਦੇ ਹੱਲ ਸਬੰਧੀ ਦਿੱਤੇ ਭਰੋਸੇ ਤੋਂ ਬਾਅਦ ਮੁਲਤਵੀ ਕਰ ਦਿੱਤਾ ਸੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਰਾਜਪੁਰਾ ਵਿਧਾਇਕਾਂ ਮੈਡਮ ਨੀਨਾ ਦੱਸਿਆ ਕਿ ਨਾਭਾ ਪਾਵਰ ਪਲਾਂਟ (ਥਰਮਲ ਪਲਾਂਟ) ਵੱਲੋਂ ਨੇੜਲੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਚੋ ਕੁਝ ਸਹੂਲਤਾਂ ਨਾ ਮਿਲਣ ਕਰਕੇ ਨੇੜਲੇ ਪਿੰਡਾਂ ਦੇ ਵਾਸੀਆਂ ਚ ਰੋਸ ਸੀ। ਜਿਸ ਸਬੰਧੀ ਅੱਜ ਮਿਨੀ ਸਕੱਤਰੇਤ ਐਸਡੀਐਮ ਰਾਜਪੁਰਾ ਸ੍ਰੀ ਅਵਿਸ਼ੇਕ ਗੁਪਤਾ ਦੀ ਮੌਜੂਦਗੀ ਵਿੱਚ ਸ੍ਰੀ ਐਸ ਕੇ ਨਾਰੰਗ ਚੀਫ ਐਗਜ਼ੀਕਿਊਟਿਵ ਨਾਭਾ ਪਾਵਰ ਪਲਾਂਟ ਨਾਲ ਨੇੜਲੇ ਪਿੰਡਾਂ ਦੇ ਸਰਪੰਚਾਂ ਵਿਚਕਾਰ ਬਹੁਤ ਹੀ ਸੁਖਾਲੇ ਮਹੌਲ ਵਿਚ ਮੀਟਿੰਗ ਹੋਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪਿੰਡਾਂ ਦੀਆਂ ਉਕਤ ਮੰਗਾ ਨੂੰ ਕਰੀਬ ਇਕ ਮਹੀਨੇ ਵਿਚ ਬਹਾਲ ਕਰਨ ਦਾ ਨਾਭਾ ਪਾਵਰ ਪਲਾਂਟ ਵੱਲੋਂ ਪੂਰਨ ਭਰੋਸਾ ਦਿੱਤਾ ਗਿਆ। ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਨਾਭਾ ਪਾਵਰ ਪਲਾਂਟ ਵੱਲੋਂ ਉਕਤ ਪਿੰਡ ਵੱਲ ਵਿਸ਼ੇਸ਼ ਧਿਆਨ ਦੇਣਗੇ।ਉਕਤ ਪਿੰਡਾਂ ਦੀਆਂ ਮੰਗਾਂ ਵਿੱਚ ਬੰਦ ਕੀਤੀ ਗਈ ਸ਼ਗਨ ਸਕੀਮ ਮੁੜ ਲਗਾਈ ਜਾਵੇ ਅਤੇ ਇਸ ਦੀ ਰਾਸ਼ੀ ਵਧਾ ਕੇ 51000 ਕੀਤੀ ਜਾਵੇ,ਨੌਕਰੀਆਂ ਤੋਂ ਕੱਢਿਆ ਦੀ ਬਹਾਲੀ, ਟੋਬਿਆਂ ਦਾ ਨਵੀਨੀਕਰਨ, ਸੀ ਐਸ ਆਰ ਦਾ ਸਾਰਾ ਪੈਸਾ ਪਿੰਡਾਂ ਚ ਲਗਾਇਆ ਜਾਵੇ ਆਦਿ 16 ਦੇ ਕਰੀਬ ਵੱਖ-ਵੱਖ ਮੰਗ ਹਨ।ਜ਼ਿਕਰਯੋਗ ਹੈ ਕਿ ਪਿੰਡ ਨਲਾਸ ਦੀ ਜ਼ਮੀਨ ਚ ਨਾਭਾ ਪਾਵਰ ਪਲਾਂਟ (ਥਰਮਲ ਪਲਾਂਟ) ਲਗਾਉਣ ਵੇਲੇ ਸਥਾਨਕ ਲੋਕਾਂ ਨਾਲ ਹੋਏ ਸਮਝੌਤੇ ਤਹਿਤ ਸ਼ਰਤਾਂ ਤੇ ਵਾਅਦਿਆਂ ਤੋਂ ਮੁਨਕਰ ਹੋਣ ਤੇ ਨਲਾਸ ਦੇ ਆਲੇ- ਦੁਆਲੇ ਦੇ ਦਰਜਨਾਂ ਹੀ ਪਿੰਡਾਂ ਦੇ ਲੋਕਾ ਨੇ ਧਰਨਾ ਲਾਇਆ ਸੀ। ਉਨ੍ਹਾਂ ਤਹਿ ਨਿਯਮਾਂ ਤਹਿਤ ਥਰਮਲ ਵੱਲੋਂ ਕੀਤੇ ਵਾਅਦੇ ਪੂਰੇ ਕਰਨ ਦੀ ਮੰਗ ਨੂੰ ਬਹਾਲ ਰੱਖਣ ਦੀ ਮੰਗ ਕੀਤੀ ਸੀ।ਇਸ ਸਬੰਧੀ ਗੱਲਬਾਤ ਦੌਰਾਨ ਜਸਵੰਤ ਸਿੰਘ ਸਰਪੰਚ ਨੈਣਾ,ਅਮਨ ਸੈਣੀ ਸਰਪੰਚ ਨਲਾਸ,ਅਮਰਿੰਦਰ ਸਿੰਘ ਸਰਪੰਚ ਲੇਹਲਾ ਕਿਹਾ ਕਿ ਅੱਜ ਵਿਧਾਇਕਾ ਮੈਡਮ ਨੀਨਾ ਮਿੱਤਲ ਦੀ ਅਗਵਾਈ ਹੇਠ ਐਸਡੀਐਮ ਰਾਜਪੁਰਾ ਦੀ ਮੌਜੂਦਗੀ ਵਿੱਚ ਨਾਭਾ ਪਾਵਰ ਪਲਾਂਟ ਮੁੱਖੀ ਸ੍ਰੀ ਐਸ ਕੇ ਨਾਰੰਗ ਨਾਲ ਹੋਈ ਮੀਟਿੰਗ ਵਿੱਚ ਥਰਮਲ ਪਲਾਂਟ ਵੱਲੋਂ ਕੁਝ ਬੰਦ ਕੀਤੀਆਂ ਸਹੂਲਤਾਂ ਨੂੰ ਜਲਦੀ ਪਹਿਲਾਂ ਵਾਂਗੂ ਨਿਰੰਤਰ ਦੇਣ ਦਾ ਪੂਰਨ ਭਰੋਸਾ ਮਿਲਿਆ ਹੈ।ਉਕਤ ਨੇੜਲੇ ਪਿੰਡਾਂ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਥਰਮਲ ਪਲਾਂਟ ਮੁੱਖੀ ਸ੍ਰੀ ਐਸ ਕੇ ਨਾਰੰਗ ਵੱਲੋਂ ਦਿਤੇ ਭਰੋਸੇ ਨੂੰ ਮੁੱਖ ਰੱਖਦਿਆਂ ਉਮੀਦ ਹੈ ਕਿ ਨੇੜਲੇ ਪਿੰਡਾਂ ਦੀ ਉਕਤ ਸਹੂਲਤਾਂ ਜਲਦੀ ਥਰਮਲ ਪਲਾਂਟ ਵੱਲੋਂ ਜਲਦੀ ਮੁਹੱਈਆ ਕਰਵਾਈਆਂ ਜਾਣਗੀਆਂ। ਇਨ੍ਹਾਂ ਸਰਪੰਚਾ ਨੇ ਕਿਹਾ ਕਿ ਜੇਕਰ ਥਰਮਲ ਪਲਾਂਟ ਮਿੱਥੇ ਸਮੇਂ ਅਨੁਸਾਰ ਸਾਰੀਆਂ ਸਹੂਲਤਾਂ ਬਹਾਲ ਨਹੀਂ ਕਰਦਾ ਤਾ ਉਕਤ ਪਿੰਡਾਂ ਦੇ ਲੋਕ ਦੁਬਾਰਾ ਫਿਰ ਧਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਕਿਹਾ ਕਿ ਸਮੂਹ ਪਿੰਡਾ ਵੱਲੋਂ ਜਨਵਰੀ ਦੇ ਪਹਿਲੇ ਹਫਤੇ ਇਕ ਅਹਿਮ ਮੀਟਿੰਗ ਵੀ ਕੀਤੀ ਜਾਵੇਗੀ।ਇਸ ਮੌਕੇ ਜਸਵੰਤ ਸਿੰਘ ਸਰਪੰਚ ਨੈਣਾ, ਨਾਹਰ ਸਿੰਘ ਸਰਪੰਚ ਖਰੌੜਾ, ਜਗਦੀਸ਼ ਸਿੰਘ ਅਲੂਣਾ ਸਰਪੰਚ, ਅਵਤਾਰ ਸਿੰਘ ਸਰਪੰਚ ਉਕਸੀ, ਜਸਪਾਲ ਸਿੰਘ ਪਿਲਖਣੀ, ਸਰਪੰਚ ਅਮਨ ਸੈਣੀ ਨਲਾਸ,ਪਿੰਡ ਭਰੋੜੀ ਦੇ ਸਰਪੰਚ ਗੁਰਪ੍ਰੀਤ ਸਿੰਘ, ਸੁਖਬੀਰ ਸਿੰਘ ਹਰਿਆਓ, ਬਲਵਿੰਦਰ ਸਿੰਘ ਬਖਸ਼ੀਵਾਲਾ ਬਸਤੀ, ਰਵਿੰਦਰ ਸਿੰਘ ਗਿੱਲ ਬਖਸ਼ੀਵਾਲਾ, ਪ੍ਰਦੀਪ ਸਿੰਘ ਉੜਦਣ, ਅਮਰਿੰਦਰ ਸਿੰਘ ਸਰਪੰਚ ਲੇਹਲਾਂ, ਮਨਜੀਤ ਸਿੰਘ ਸਰਪੰਚ ਰੰਗੀਆਂ, ਬਰਨਜੀਤ ਸਿੰਘ ਸਰਪੰਚ ਤਸੌਲੀ, ਮਿੱਟੇ ਦੌਵੀ ਸਰਪੰਚ ਬਲਸੂਆ, ਸਰਪੰਚ ਸਰਬਜੀਤ ਸਿੰਘ ਉਗਾਣੀ , ਬਿੱਟੂ ਸੂਰਲ ਕਲਾਂ, ਨਰਿੰਦਰ ਸਿੰਘ ਸਰਪੰਚ ਸੂਰਲ ਖੁਰਦ ਸਮੇਤ ਵੱਡੀ ਗਿਣਤੀ ਵਿਚ ਥਰਮਲ ਪਲਾਂਟ ਦੇ ਨੇੜਲੇ ਪਿੰਡਾਂ ਦੇ ਸਰਪੰਚ ਅਤੇ ਮੋਹਤਬਰ ਵਿਆਕਤੀ ਮੌਜੂਦ ਸਨ।

# -ਜ਼ਿਲ੍ਹਾ ਸੈਨਿਕ ਬੋਰਡ ਤਰਫ਼ੋਂ ਰਿਟ. ਕਰਨਲ ਲੈਫਟੀਨੈਂਟ ਡਾ. ਸੁਖਮੀਤ ਮਿਨਹਾਂਸ ਨੇ ਡਿਪਟੀ ਕਮਿਸ਼ਨਰ ਮੋਗਾ ਦੇ ਸੀਨੇ ਤੇ ਲਗਾਇਆ ਝੰਡਾ



ਮੋਗਾ, (ਲੋਕ ਬਾਣੀ) - ਹਰ ਸਾਲ ਦੀ ਤਰ੍ਹਾਂ ਜ਼ਿਲ੍ਹਾ ਮੋਗਾ ਵਿਚ ਹਥਿਆਰਬੰਦ ਸੈਨਾ ਝੰਡਾ ਦਿਵਸ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਮਨਾਇਆ ਗਿਆ। ਇਸ ਸਮੇਂ ਜ਼ਿਲ੍ਹਾ ਸੈਨਿਕ ਬੋਰਡ ਮੋਗਾ ਤਰਫ਼ੋਂ ਰਿਟ. ਕਰਨਲ ਲੈਫਟੀਨੈਂਟ ਡਾ. ਸੁਖਮੀਤ ਮਿਨਹਾਂਸ ਵੱਲੋਂ ਡਿਪਟੀ ਕਮਿਸ਼ਨਰ ਸ਼੍ਰੀ ਵਿਸ਼ੇਸ਼ ਸਾਰੰਗਲ ਦੇ ਸੀਨੇ ਤੇ ਝੰਡਾ ਲਗਾਉਣ ਦੀ ਰਸਮ ਅਦਾ ਕੀਤੀ। ਇਸ ਉਪਰੰਤ ਉਨ੍ਹਾਂ ਵੱਲੋਂ ਲਗਭਗ 26 ਨਾਨ ਪੈਨਸ਼ਨਰ/ਸਾਬਕਾ ਸੈਨਿਕ ਅਤੇ ਵਿਧਵਾਵਾਂ ਨੂੰ 20-20 ਹਜ਼ਾਰ ਦੇ ਚੈੱਕ ਦਿੱਤੇ ਗਏ।

ਇਸ ਮੌਕੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਇਸ ਦਿਵਸ ਦੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਹਥਿਆਰਬੰਦ ਸੈਨਾ ਝੰਡਾ ਦਿਵਸ ਦੇਸ਼ ਦੇ ਉਨ੍ਹਾਂ ਅਮਰ ਸ਼ਹੀਦਾਂ ਦੀ ਯਾਦ ਸਾਡੇ ਸਭਨਾਂ ਦੇ ਮਨਾਂ ਵਿੱਚ ਤਾਜ਼ਾ ਕਰਦਾ ਹੈ, ਜਿੰਨ੍ਹਾਂ ਨੇ ਆਪਣਾ ਅੱਜ ਸਾਡੇ ਸਭਨਾਂ ਦੇ ਕੱਲ੍ਹ ਵਾਸਤੇ ਕੁਰਬਾਨ ਕੀਤਾ ।ਇਸ ਦਿਨ ਸੁਰੱਖਿਆ ਸੈਨਾਵਾਂ ਵੱਲੋਂ ਦੇਸ਼ ਲਈ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਜਾਂਦਾ ਹੈ। ਜਿਸ ਨਾਲ ਦੇਸ਼ ਲਈ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਾਂ ਨੂੰ ਸਹਾਰਾ ਮਿਲਦਾ ਹੈ ਅਤੇ ਸੇਵਾ ਕਰ ਰਹੇ ਸੈਨਿਕਾਂ ਦੇ ਹੌਂਸਲੇ ਬੁਲੰਦ ਰੱਖਣ ਲਈ ਉਹਨਾਂ ਨੂੰ ਵਿਸ਼ਵਾਸ਼ ਦਿਵਾਇਆ ਜਾਂਦਾ ਹੈ ਕਿ ਦੇਸ਼ ਦੀ ਜਨਤਾ ਹਰ ਮਾੜੇ ਅਤੇ ਚੰਗੇ ਸਮੇਂ ਵਿੱਚ ਉਨ੍ਹਾਂ ਦੇ ਨਾਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਦੁਸ਼ਮਣ ਵੱਲੋਂ ਥੋਪੀਆਂ ਲੜਾਈਆਂ ਅਤੇ ਅੱਤਵਾਦ ਖਿਲਾਫ਼ ਸੈਨਿਕਾਂ ਨੇ ਕਾਫ਼ੀ ਸ਼ਹਾਦਤਾਂ ਪਾਈਆਂ ਹਨ, ਜੋ ਕਿ ਨਾ ਭੁੱਲਣ ਯੋਗ ਹਨ। ਕਈ ਸੈਨਿਕ ਸ਼ਹੀਦ ਹੋ ਗਏ ਅਤੇ ਕਈ ਸਦਾ ਲਈ ਨਕਾਰਾ ਹੋ ਗਏ।

ਉਨ੍ਹਾ ਕਿਹਾ ਕਿ ਅਜਿਹੇ ਸੈਨਿਕਾਂ ਦੇ ਪਰਿਵਾਰਾਂ ਦੀ ਦੇਖਭਾਲ ਕਰਨਾ ਸਰਕਾਰ ਅਤੇ ਸਮਾਜ ਦੀ ਮੁੱਢਲੀ ਜਿੰਮੇਵਾਰੀ ਬਣ ਜਾਂਦੀ ਹੈ।ਬੇਸ਼ੱਕ ਸਰਕਾਰ ਅਜਿਹੇ ਪਰਿਵਾਰਾਂ ਦੀ ਬੜੀ ਹਮਦਰਦੀ ਨਾਲ ਸਮੇਂ-ਸਮੇਂ ਤੇ ਕਈ ਪ੍ਰਕਾਰ ਦੀ ਮਦਦ ਕਰਦੀ ਹੈ, ਪ੍ਰੰਤੂ ਹਥਿਆਰਬੰਦ ਸੈਨਾ ਝੰਡਾ ਦਿਵਸ ਭਾਰਤ ਦੇਸ਼ ਅਤੇ ਇਸ ਸੂਬੇ ਦੇ ਹਰ ਨਾਗਰਿਕ ਨੂੰ ਆਪਣੇ ਬਹਾਦਰ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਪ੍ਰਤੀ ਸਤਿਕਾਰ ਅਤੇ ਹਮਦਰਦੀ ਪ੍ਰਗਟ ਕਰਨ ਲਈ ਇੱਕ ਸੁਨਿਹਰੀ ਮੌਕਾ ਪ੍ਰਦਾਨ ਕਰਦਾ ਹੈ। ਦਾਨ ਵਜੋਂ ਇੱਕਠਾ ਕੀਤਾ ਗਿਆ ਪੈਸਾ ਰਾਜ ਸਰਕਾਰ ਦੇ ਆਰਮਡ ਫੋਰਸਜ਼ ਫਲੈਗ ਡੇਅ ਫੰਡ ਵਿੱਚ ਜਮ੍ਹਾਂ ਕੀਤਾ ਜਾਂਦਾ ਹੈ ਜੋ ਕਿ ਦੇਸ਼ ਲਈ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਾਂ ਅਤੇ ਨਕਾਰਾ ਹੋਏ ਸੈਨਿਕਾਂ ਅਤੇ ਲੋੜਵੰਦ ਸਾਬਕਾ ਸੈਨਿਕਾਂ ਲਈ ਭਲਾਈ ਸਕੀਮਾਂ ਲਈ ਵਰਤਿਆ ਜਾਂਦਾ ਹੈ।

ਡਿਪਟੀ ਕਮਿਸ਼ਨਰ ਸ਼੍ਰੀ ਵਿਸ਼ੇਸ਼ ਸਾਰੰਗਲ ਨੇ ਇਸ ਝੰਡਾ ਦਿਵਸ ਤੇ ਜ਼ਿਲ੍ਹੇ ਦੇ ਸਾਰੇ ਨਾਗਰਿਕਾਂ, ਪ੍ਰਾਈਵੇਟ ਸਕੂਲਾਂ/ਕਾਲਜਾਂ, ਹਸਪਤਾਲਾਂ, ਵਿਭਾਗਾਂ ਅਤੇ ਸੰਸਥਾਵਾਂ ਨੂੰ ਖੁੱਲ੍ਹੇ ਦਿਲ ਨਾਲ ਦਾਨ ਦੇਣ ਲਈ ਅਪੀਲ ਕੀਤੀ ਅਤੇ ਕਿਹਾ ਕਿ ਆਉ ਆਪਾਂ ਵੀ ਉਨ੍ਹਾਂ ਸੂਰਬੀਰ ਸ਼ਹੀਦ ਸੈਨਿਕਾਂ ਨੂੰ ਪ੍ਰਣਾਮ ਕਰੀਏ ਜਿਨ੍ਹਾਂ ਨੇ ਮੁਸ਼ਕਲਾਂ ਭਰੇ ਹਾਲਾਤਾਂ ਵਿੱਚ ਆਪਣੇ ਅਨਮੋਲ ਜੀਵਨ ਦੀ ਪਰਵਾਹ ਨਾ ਕਰਦੇ ਹੋਏ ਦੇਸ਼ ਦੀ ਸੁਰੱਖਿਆ ਲਈ ਲਾਸਾਨੀ ਕੁਰਬਾਨੀ ਦਾ ਜਾਮ ਪੀਤਾ ।ਇਸ ਮੌਕੇ ਤੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਮੋਗਾ ਦੇ ਕਰਮਚਾਰੀ ਵੀ ਹਾਜ਼ਰ ਸਨ ।

# ਬਾਬਾ ਸਾਹਿਬ ਡਾ. ਅੰਬੇਡਕਰ ਦੇ ਜੀਵਨ ਸੰਘਰਸ਼ਾਂ ਤੋਂ ਸੇਧ ਲਵੇ ਅਜੋਕੀ ਪੀੜ੍ਹੀ - ਵਰੁਣ ਬੰਗੜ



ਫਗਵਾੜਾ ( ਸੁਸ਼ੀਲ ਸ਼ਰਮਾ ) ਬਲਾਕ ਫਗਵਾੜਾ ਦੇ ਪਿੰਡ ਚੱਕ ਹਕੀਮ ਦੀ ਸਮੁੱਚੀ ਪੰਚਾਇਤ ਨੇ ਸਰਪੰਚ ਵਰੁਣ ਬੰਗੜ ਦੀ ਅਗਵਾਈ ਹੇਠ ਅੱਜ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਦੇਸ਼ ਦੇ ਪਹਿਲੇ ਕਾਨੂੰਨ ਮੰਤਰੀ ਡਾ. ਬੀ.ਆਰ. ਅੰਬੇਡਕਰ ਦੇ 68ਵੇਂ ਪ੍ਰੀਨਿਰਵਾਣ ਦਿਵਸ ਮੌਕੇ ਉਹਨਾਂ ਦੇ ਬੁੱਤ 'ਤੇ ਫੁਲਮਾਲਾਵਾਂ ਅਰਪਿਤ ਕਰਕੇ ਨਿੱਘੀ ਸ਼ਰਧਾਂਜਲੀ ਦਿੱਤੀ। ਇਸ ਮੌਕੇ ਸਰਪੰਚ ਵਰੁਣ ਬੰਗੜ ਨੇ ਕਿਹਾ ਕਿ ਡਾ. ਅੰਬੇਡਕਰ ਦਾ ਜੀਵਨ ਬਹੁਤ ਹੀ ਸੰਘਰਸ਼ ਵਾਲਾ ਸੀ ਪਰ ਉਹਨਾਂ ਨੇ ਆਪਣੀ ਮਿਹਨਤ ਸਦਕਾ ਅਜਿਹਾ ਉੱਚਾ ਮੁਕਾਮ ਹਾਸਲ ਕੀਤਾ ਕਿ ਉਹਨਾਂ ਗਿਣਤੀ ਉਸ ਸਮੇਂ ਦੁਨੀਆ ਦੇ ਬੁੱਧੀਜੀਵੀ ਮਨੁੱਖਾਂ ਵਿਚੋਂ 6ਵੇਂ ਮਨੁੱਖ ਦੇ ਤੌਰ ਤੇ ਹੁੰਦੀ ਸੀ। ਉਹਨਾਂ ਕਿਹਾ ਕਿ ਡਾ. ਅੰਬੇਡਕਰ ਦੀ ਸੋਚ ਬਹੁਤ ਹੀ ਦੂਰ ਅੰਦੇਸ਼ੀ ਵਾਲੀ ਸੀ ਅਤੇ ਉਹਨਾਂ ਨੇ ਭਾਰਤੀ ਸੰਵਿਧਾਨ ਵਿਚ ਹਰੇਕ ਜਾਤੀ ਦੇ ਦੱਬੇ ਹੋਏ ਅਤੇ ਗਰੀਬ ਲੋਕਾਂ ਨੂੰ ਬਰਾਬਰਤਾ ਦਾ ਅਧਿਕਾਰ ਦੁਆਇਆ। ਔਰਤਾਂ ਨੂੰ ਉਹਨਾਂ ਨੇ ਦੇਸ਼ ਆਜਾਦ ਹੋਣ ਤੋਂ ਪੰਦਰਾਂ ਸਾਲ ਪਹਿਲਾਂ ਬਰਾਬਰਤਾ ਦਾ ਅਧਿਕਾਰ ਲੈ ਕੇ ਦਿੱਤਾ ਸੀ। ਉਹਨਾਂ ਅਜੋਕੀ ਨੌਜਵਾਨ ਪੀੜ੍ਹੀ ਨੂੰ ਖਾਸ ਤੌਰ ਤੇ ਬਾਬਾ ਸਾਹਿਬ ਡਾ. ਅੰਬੇਡਕਰ ਦੇ ਜੀਵਨ ਸੰਘਰਸ਼ਾਂ ਨਾਲ ਸਬੰਧਤ ਸਾਹਿੱਤ ਪੜ੍ਹਨ ਅਤੇ ਉਹਨਾਂ ਦੀ ਵਿਚਾਰਧਾਰਾ ਨੂੰ ਸਮਝਦੇ ਹੋਏ ਸੇਧ ਲੈਣ ਦੀ ਪੁਰਜੋਰ ਅਪੀਲ ਵੀ ਕੀਤੀ। ਇਸ ਮੌਕੇ ਰਵੀ ਕੁਮਾਰ, ਪਰਮਜੀਤ ਪੰਚ, ਸ਼ਮੀ ਬੰਗੜ ਪੰਚ, ਬਲਵੀਰ ਕੁਮਾਰ ਪੰਚ, ਰਜਨੀ ਪੰਚ, ਅਨੀਤਾ ਰਾਣੀ ਪੰਚ, ਸੀਮਾ ਰਾਣੀ ਪੰਚ, ਬਿੱਲਾ ਚੌਂਕੀਦਾਰ, ਕਸ਼ਮੀਰ ਕੁਮਾਰ, ਰਮਨ ਬੰਗੜ, ਪ੍ਰੀਤ ਬੰਗੜ, ਗੋਪੀ, ਹਰਮਨ, ਕਰਨ ਆਦਿ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਅਲਾਇੰਸ ਕਲੱਬ ਫਗਵਾੜਾ ਰਾਇਲ ਨੇ ਕਰਵਾਈ ਸਕੂਲੀ ਵਿਦਿਆਰਥੀਆਂ ਦੀ ਦਰਖ਼ਤ ਲਗਾਉ ਪ੍ਰਤਿਯੋਗਿਤਾ



ਫਗਵਾੜਾ ( ਸੁਸ਼ੀਲ ਸ਼ਰਮਾ ) ਅਲਾਇੰਜ ਕਲੱਬ ਫਗਵਾੜਾ ਰਾਇਲ ਵਲੋਂ 39ਵੇਂ ਸਵੱਛ ਭਾਰਤ ਵਾਤਾਵਰਣ ਮੇਲੇ 'ਚ ਹਿੱਸਾ ਲੈਂਦਿਆਂ ਸਕੂਲੀ ਵਿਦਆਰਥੀਆਂ ਦੀ ਫਲਦਾਰ ਦਰਖਤ ਲਗਾਉਣ ਦੀ ਪ੍ਰਤਿਯੋਗਿਤਾ ਕਰਵਾਈ ਗਈ। ਜਿਸ ਵਿਚ ਫਗਵਾੜਾ ਦੇ 14 ਸਕੂਲਾਂ ਦੇ ਲੱਗਭਗ 40 ਬਚਿਆਂ ਨੇ ਹਿੱਸਾ ਲਿਆ। ਇਸ ਦੌਰਾਨ ਕਲੱਬ ਦੇ ਪ੍ਰਧਾਨ ਵਰੁਣ ਕੁਮਾਰ ਵਧਾਵਨ ਨੇ ਮੁੱਖ ਮਹਿਮਾਨ ਐਲੀ ਜੇ.ਐਸ. ਕੁੰਦੀ (ਆਈ. ਡੀ. ਓ.) ਅਤੇ ਗੀਤਾ ਥਾਪਰ (ਜੋਨ ਚੇਅਰਪਰਸਨ) ਨੂੰ ਜੀ ਆਇਆਂ ਆਖਿਆ। ਸਮਾਗਮ ਦੌਰਾਨ ਫਗਵਾੜਾ ਇੰਨਵਾਇਰਨਮੈਂਟ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਟਰਾ ਅਤੇ ਹੋਰ ਪਤਵੰਤੇ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਬੁਲਾਰਿਆਂ ਨੇ ਵਿਦਆਰਥੀਆਂ ਨੂੰ ਵਾਤਾਵਰਣ ਦੀ ਸੁਰੱਖਿਆ ਵਿਚ ਦਰਖਤਾਂ ਦੇ ਮਹੱਤਵ ਬਾਰੇ ਦੱਸਿਆ। ਜੱਜਾਂ ਦੀ ਭੂਮਿਕਾ ਅਸਿਸਟੈਂਟ ਪ੍ਰੋਫੈਸਰ ਸਾਕਸ਼ੀ ਅਤੇ ਜੰਗਲਾਤ ਵਿਭਾਗ ਤੋਂ ਪਹੁੰਚੇ ਸ੍ਰੀਮਾਨ ਨੇ ਨਿਭਾਈ। ਪ੍ਰਤੀਯੋਗਿਤਾ ਵਿਚ ਹਨੁਮਤ ਪਬਲਿਕ ਸਕੂਲ ਨੂੰ ਪਹਿਲਾ, ਆਰਿਆਂ ਮਾਡਲ ਸੀ.ਸੈ. ਸਕੂਲ ਨੂੰ ਦੂਸਰਾ ਅਤੇ ਮਾਂ ਅੰਬੇ ਸੀ. ਸੈ. ਸਕੂਲ ਨੂੰ ਤੀਸਰਾ ਸਥਾਨ ਪ੍ਰਾਪਤ ਹੋਇਆ। ਜੇਤੂਆਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਹੌਂਸਲਾ ਅਫਜਾਈ ਕੀਤੀ ਗਈ। ਰਿਫਰੈਸ਼ਮੈਂਟ ਦਾ ਵੀ ਪ੍ਰਬੰਧ ਕੀਤਾ ਗਿਆ ਸੀ। ਇਸ ਦੌਰਾਨ ਅਲਾਇੰਸ ਕਲੱਬ ਦੇ ਮੈਂਬਰ ਵਿਕਾਸ ਕੋਛੜ, ਰਾਜੀਵ ਸੂਦ, ਗੁਰਦੀਪ ਸਿੰਘ, ਕਰਨ ਸੋਂਧੀ, ਪੰਕਜ ਠਾਕੁਰ, ਪਦਮ ਲਾਲ ਆਦਿ ਵੀ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਖੜੀਆਂ ਖੜੀਆਂ ਖਸਤਾਹਾਲ ਹੋ ਰਹੀਆਂ ਬੀ.ਆਰ. ਟੀ.ਐਸ. ਦੀਆਂ ਬੱਸਾਂ ਦੁਬਾਰਾ ਸੜਕਾਂ ਤੇ ਚੱਲੀਆਂ

## ਛੇਤੀ ਹੀ ਸਾਰੇ ਰੂਟਾਂ ਉੱਤੇ ਸ਼ੁਰੂ ਕਰ ਦਿੱਤੀ ਜਾਵੇਗੀ ਬੀ.ਆਰ.ਟੀ.ਐਸ.ਬੱਸ ਸੇਵਾ-ਧਾਲੀਵਾਲ



ਫ਼ਗਵਾੜਾ (ਸੁਸ਼ੀਲ ਸ਼ਰਮਾ) ਲੰਬੇ ਸਮੇਂ ਤੋਂ ਬੰਦ ਪਈਆਂ ਬੀਆਰਟੀਐਸ ਬੱਸਾਂ ਅੱਜ ਦੁਬਾਰਾ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇੱਕ ਹੀ ਜਗ੍ਹਾ ਤੇ ਖੜੇ ਆ ਬੱਸਾਂ ਦੀ ਹਾਲਤ ਦਿਨ-ਬ-ਦਿਨ ਖਸਤਾ ਹੋ ਰਹੀ ਸੀ। ਨਾਰੀਅਲ ਪਾਣੀ ਪੀ ਬਸਾਂ ਸੜਕਾਂ ਤੇ ਦੁਬਾਰਾ ਚਲਣ ਕਰਕੇ ਬੀਆਰਟੀਐਸ ਯੂਨੀਅਨ ਨਾਲ ਸੰਬੰਧਿਤ ਕਰਮਚਾਰੀਆਂ ਵਿੱਚ ਵੀ ਖੁਸ਼ੀ ਦੀ ਲਹਿਰ ਦੌੜ ਗਈ। ਕਰਮਚਾਰੀਆਂ ਵੱਲੋਂ ਯੂਨੀਅਨ ਆਗੂਆਂ ਨੂੰ ਸਿਰੋਪਾਓ ਭੇਂਟ ਕਰਦਿਆਂ ਸਨਮਾਨਿਤ ਵੀ ਕੀਤਾ ਗਿਆ।

ਨਰਾਇਣਗੜ੍ਹ ਸਥਿਤ ਇੰਡੀਆ ਗੇਟ ਤੋਂ ਗੋਲਡਨ ਗੇਟ ਤੱਕ ਰੂਟ ਨੰਬਰ 201 ਦੀਆਂ ਬੱਸਾਂ ਨੂੰ ਝੰਡੀ ਵਿਖਾ ਕੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸ਼ੁਰੂ ਕੀਤਾ। ਇਸ ਮੌਕੇ ਉਹਨਾਂ ਨਾਲ ਵਿਧਾਇਕ ਇੰਦਰਬੀਰ ਸਿੰਘ ਨਿਜਰ,ਵਿਧਾਇਕ ਅਜੇ ਗੁਪਤਾ,ਸ਼ਹਿਰੀ ਪ੍ਰਧਾਨ ਮਨੀਸ਼ ਅਗਰਵਾਲ, ਕਮਿਸ਼ਨਰ ਕਾਰਪੋਰੇਸ਼ਨ ਗੁਰਪ੍ਰੀਤ ਸਿੰਘ ਔਲਖ ਅਤੇ ਹੋਰ ਨੇਤਾ ਵੀ ਹਾਜ਼ਰ ਸਨ। ਧਾਲੀਵਾਲ ਨੇ ਇਸ ਮੌਕੇ ਦੱਸਿਆ ਕਿ ਫਿਲਹਾਲ ਇਹ ਬੱਸਾਂ ਟਰਾਇਲ ਲਈ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਅਤੇ ਤਿੰਨ ਹਫਤੇ ਤੱਕ ਇਹਨਾਂ ਉੱਤੇ ਕੋਈ ਕਿਰਾਇਆ ਨਹੀਂ ਲੱਗੇਗਾ। ਉਸ ਤੋਂ ਬਾਅਦ ਇਹਨਾਂ ਬੱਸਾਂ ਦਾ ਕਿਰਾਇਆ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਸਾਰੇ ਰੂਟਾਂ ਉੱਤੇ ਬਸ ਸੇਵਾ ਸ਼ੁਰੂ ਹੋਵੇਗੀ। ਉਹਨਾਂ ਦੱਸਿਆ ਕਿ ਬੀ ਆਰ ਟੀ ਐਸ ਸੇਵਾ ਦੇਣ ਵਾਲੀ ਕੰਪਨੀ ਕਰੀਬ ਡੇਢ ਸਾਲ ਪਹਿਲਾਂ ਭੱਜ ਗਈ ਸੀ। ਜਿਸ ਕਾਰਨ ਇਹ ਬੱਸਾਂ ਰੁਕ ਗਈਆਂ ਸਨ ਅਤੇ ਹੁਣ ਅੰਮ੍ਰਿਤਸਰ ਸ਼ਹਿਰ ਵਾਸੀਆਂ ਦੀ ਮੰਗ ਉੱਤੇ ਦੁਬਾਰਾ ਇਹਨਾਂ ਨੂੰ ਕਾਰਪੋਰੇਸ਼ਨ ਵੱਲੋਂ ਚਲਾਇਆ ਜਾ ਰਿਹਾ ਹੈ ਅਤੇ ਅੱਜ ਤੋਂ ਇਹਨਾਂ ਦਾ ਕੰਮ ਕਾਰਪੋਰੇਸ਼ਨ ਹੀ ਦੇਖੇਗੀ, ਜਿਸ ਨਾਲ ਬੱਸਾਂ ਨਿਰੰਤਰ ਸੜਕਾਂ ਉੱਤੇ ਦੌੜ ਸਕਣਗੀਆਂ।

ਰੋਜ਼ਾਨਾ ਲੋਕ ਬਾਣੀ www.lokbani

ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਇਸ ਸਮੇਂ ਇੰਡੀਆ ਗੇਟ ਤੋਂ ਗੋਲਡਨ ਗੇਟ ਤੱਕ 5 ਬੱਸਾਂ ਚੱਲਣਗੀਆਂ। ਇਸ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਪੁਤਲੀਘਰ, ਰੇਲਵੇ ਸਟੇਸ਼ਨ ਅਤੇ ਹੋਰ ਖੇਤਰ ਕਵਰ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਬੱਸਾਂ ਦਾ ਟਾਈਮ ਟੇਬਲ ਵੀ ਹਫ਼ਤੇ ਬਾਅਦ ਜਾਰੀ ਕਰ ਦਿੱਤਾ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਇੱਕ ਮਹੀਨੇ ਬਾਅਦ ਬੀਆਰਟੀਐਸ ਰੋਡ 'ਤੇ 60 ਕਮਰਸ਼ੀਅਲ ਬੱਸਾਂ ਚੱਲਣੀਆਂ ਸ਼ੁਰੂ ਹੋ ਜਾਣਗੀਆਂ।

ਉਨਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਬੱਸ ਦੇ ਰੂਟ ਵਿੱਚ ਅੱਜ ਤੋਂ ਬਾਅਦ ਕੋਈ ਨਿੱਜੀ ਵਾਹਨ ਨਾ ਲੈ ਕੇ ਆਉਣ ਉਹਨਾਂ ਦੱਸਿਆ ਕਿ ਪੁਲਿਸ ਇਸ ਲਈ ਵੱਡੇ ਚਲਾਨਾਂ ਦਾ ਪ੍ਰਬੰਧ ਕਰ ਰਹੀ ਹੈ ਅਤੇ ਜੇਕਰ ਕੋਈ ਵਾਹਨ ਇਹਨਾਂ ਰੂਟਾਂ ਦੇ ਵਿੱਚ ਆਇਆ ਤਾਂ ਉਹਨਾਂ ਨੂੰ ਭਾਰੀ ਜੁਰਮਾਨਾ ਦੇਣਾ ਪਵੇਗਾ।

# ਵਿਧਾਇਕ ਡਾ.ਅਜੈ ਗੁਪਤਾ ਨੇ ਸਰਕਾਰੀ ਮੈਡੀਕਲ ਕਾਲਜ ਵਿੱਚ ਨੌਕਰੀਆਂ ਲਈ ਨਿਯੁਕਤੀ ਪੱਤਰ ਵੰਡੇ



ਫ਼ਗਵਾੜਾ (ਸੁਸ਼ੀਲ ਸ਼ਰਮਾ) ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ.ਅਜੇ ਗੁਪਤਾ ਨੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਨੌਕਰੀਆਂ ਲਈ ਨਿਯੁਕਤੀ ਪੱਤਰ ਵੰਡੇ। ਵਿਧਾਇਕ ਡਾ.ਗੁਪਤਾ ਨੇ ਕਿਹਾ ਕਿ ਉਨ੍ਹਾਂ ਨੂੰ ਬਹੁਤ ਚੰਗਾ ਮਹਿਸੂਸ ਹੋ ਰਿਹਾ ਹੈ ਕਿ ਉਸੇ ਕਾਲਜ ਵਿਚ ਨੌਕਰੀਆਂ ਲਈ ਨਿਯੁਕਤੀ ਪੱਤਰ ਵੰਡੇ ਜਾ ਰਹੇ ਹਨ ਜਿੱਥੋਂ ਉਹ ਪੜ੍ਹ ਕੇ ਡਾਕਟਰ ਬਣੇ ਹਨ। ਉਨ੍ਹਾਂ ਦੱਸਿਆ ਕਿ ਪਾਸਕੋ ਏਜੰਸੀ ਅਧੀਨ 10 ਨੌਜਵਾਨ ਲੜਕੇ-ਲੜਕੀਆਂ ਨੂੰ ਕਾਲਜ ਵਿੱਚ ਨੌਕਰੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਨੌਕਰੀ ਲੈਣ ਵਾਲਿਆਂ ਨੂੰ ਵੀ ਇੰਕਰੀਮੈਂਟ, ਪ੍ਰੋਵੀਡੈਂਟ ਫੰਡ ਅਤੇ ਈਐਸਆਈ ਕਾਰਡ ਮਿਲੇਗਾ। ਉਨ੍ਹਾਂ ਕਿਹਾ ਕਿ ਨੌਕਰੀ ਪ੍ਰਾਪਤ ਕਰਨ ਵਾਲਿਆਂ ਨੂੰ ਮਿਹਨਤ ਅਤੇ ਲਗਨ ਨਾਲ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ 51 ਹਜ਼ਾਰ ਤੋਂ ਵੱਧ ਨੌਕਰੀਆਂ ਦੇਣ ਦੀ ਪ੍ਰਕਿਰਿਆ ਜਾਰੀ ਰੱਖੀ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜਾਂ ਦੇ ਨਾਲ-ਨਾਲ ਉਹ ਲੋਕਾਂ ਨੂੰ ਸਹੂਲਤਾਂ ਦੇਣ ਲਈ ਵਚਨਬੱਧ ਹਨ।ਇਸ ਮੌਕੇ ਸਰਕਾਰੀ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਡਾ.ਪ੍ਰਵੀਨ ਦੇਵਗਨ,ਕਾਲਜ ਦੇ ਮੈਡੀਕਲ ਸੁਪਰਡੈਂਟ ਡਾ.ਕਰਮਜੀਤ ਸਿੰਘ ਵੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਖ਼ਾਲਸਾ ਕਾਲਜ ਭੁਮੇਲੀ ਵਿਖੇ ਲੋਕ ਨਾਚ, ਲੋਕ ਸਾਜ਼ ਅਤੇ ਸੰਗੀਤਕ ਮੁਕਾਬਲੇ ਕਰਵਾਏ ਗਏ

ਫਗਵਾੜਾ – ( ਸੁਸ਼ੀਲ ਸ਼ਰਮਾ )
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਭੁਮੇਲੀ ਵਿਖੇ ਮਿਡਲ (ਛੇਵੀਂ ਤੋਂ ਅੱਠਵੀਂ ਸ਼੍ਰੇਣੀ ਤੱਕ ) ਸੈਕੰਡਰੀ (ਨੌਵੀਂ ਤੋਂ ਬਾਰਵੀਂ ਸ਼੍ਰੇਣੀ ਤੱਕ) ਲਈ 55 ਵੰਨਗੀਆਂ ਨਾਲ ਸੰਬੰਧਿਤ ਸੱਭਿਆਚਾਰਕ ਅਤੇ ਵਿਰਾਸਤੀ ਅੰਤਰ ਸਕੂਲ ਮੁਕਾਬਲੇ ਕਰਵਾਏ ਗਏ। ਜਿਨ੍ਹਾਂ ਵਿੱਚ ਤਕਰੀਬਨ 60 ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਪੂਰਵਕ ਭਾਗ ਲਿਆ। ਇਹਨਾਂ ਮੁਕਾਬਲਿਆਂ ਵਿੱਚ ਸੀਨੀਅਰ ਅਕਾਲੀ ਆਗੂ ਸ. ਜਰਨੈਲ ਸਿੰਘ ਵਾਹਦ ਨੇ ਮੁੱਖ ਮਹਿਮਾਨ ਅਤੇ ਸ. ਰਣਜੀਤ ਸਿੰਘ ਖੁਰਾਨਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੁਕਾਬਲੇ ਵਿੱਚ ਲੋਕ ਨਾਚ , ਲੋਕ ਸਾਜ਼ ਅਤੇ ਸੰਗੀਤਕ ਵੰਨਗੀਆਂ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਸ਼ਬਦ ਗਾਇਨ, ਸ਼ੁੱਧ ਗੁਰਬਾਣੀ ਉਚਾਰਨ, ਕਵੀਸ਼ਰੀ, ਸਾਜ਼ ਵਜਾਉਣਾ, ਮਮਕਿਰੀ,ਸਕਿੱਟ,ਫੈਂਸੀ ਡਰੈੱਸ, ਗਿੱਧਾ-ਭੰਗੜਾ,ਗੀਤ, ਗਜ਼ਲ, ਲੋਕ-ਗੀਤ, ਵਾਦ- ਵਿਵਾਦ,ਭਾਸ਼ਣ ਪ੍ਰਤੀਯੋਗਿਤਾ ਅਤੇ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ। ਇਸ ਮੌਕੇ ਗਿੱਧੇ ਦੇ ਜੂਨੀਅਰ ਵਰਗ ਵਿੱਚ ਗਲੈਕਸੀ ਗਲੋਬਲ ਸਕੂਲ ਪਾਂਸ਼ਟ ਦਾ ਪਹਿਲਾ ਸਥਾਨ,ਸਤਿਗੁਰੂ ਰਵਿਦਾਸ ਪਬਲਿਕ ਸਕੂਲ ਜੈਤੇਵਾਲੀ ਦੂਜਾ ਸਥਾਨ, ਸ੍ਰੀ ਗੁਰੂ ਹਰਗੋਬਿੰਦ ਮਾਡਲ ਮਿਸ਼ਨਰੀ ਸਕੂਲ ਹਰਗੋਬਿੰਦਗੜ ਭੋਗਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਵਰਗ ਵਿੱਚ ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ ਖਿਆਲਾ ਪਹਿਲਾ ਸਥਾਨ,ਦੇਹਰਾਦੂਨ ਇੰਟਰਨੈਸ਼ਨਲ ਪਬਲਿਕ ਸਕੂਲ ਭਬਿਆਣਾ ਦੂਜਾ ਸਥਾਨ, ਸ੍ਰੀ ਮਹਾਂਵੀਰ ਜੈਨ ਮਾਡਲ ਹਾਈ ਸਕੂਲ ਮਾਡਲ ਟਾਊਨ ਫਗਵਾੜਾ ਦੂਜਾ ਸਥਾਨ , ਗੁਰੂ ਨਾਨਕ ਖ਼ਾਲਸਾ ਗਰਲਜ਼ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਬਾਬਾ ਸੰਗ ਢੇਸੀਆਂ ਦੂਜਾ ਸਥਾਨ,ਐਸ.ਡੀ.ਕੇ.ਐਮ.ਵੀ. ਸਕੂਲ ਫਗਵਾੜਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੁਕਾਬਲੇ ਵਿੱਚ ਭੰਗੜੇ ਦੇ ਜੂਨੀਅਰ ਗਰੁੱਪ ਵਿੱਚ ਸ੍ਰੀ ਗੁਰੂ ਹਰਗੋਬਿੰਦ ਮਾਡਲ ਮਿਸ਼ਨਰੀ ਸੀਨੀਅਰ ਸੈਕੰਡਰੀ ਸਕੂਲ ਭੋਗਪੁਰ ਨੇ ਪਹਿਲਾ ਸਥਾਨ,ਸਤਿਗੁਰੂ ਰਵਿਦਾਸ ਪਬਲਿਕ ਸਕੂਲ ਜੈਤੇਵਾਲੀ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਵਰਗ ਵਿੱਚ ਸਵਾਮੀ ਸੰਤ ਦਾਸ ਪਬਲਿਕ ਸਕੂਲ ਫਗਵਾੜਾ ਨੇ ਪਹਿਲਾ ਸਥਾਨ ਹਾਸਲ ਕੀਤਾ। ਮੁਕਾਬਲੇ ਵਿੱਚ ਸ਼ਬਦ ਗਾਇਨ ਦੇ ਜੂਨੀਅਰ ਵਰਗ ਵਿੱਚ ਸਵਾਮੀ ਸੰਤ ਦਾਸ ਪਬਲਿਕ ਸਕੂਲ ਫਗਵਾੜਾ ਨੇ ਪਹਿਲਾ ਸਥਾਨ, ਅਕਾਲ ਅਕੈਡਮੀ ਰਾਮਪੁਰ ਸੁੰਨੜਾ ਨੇ ਦੂਜਾ ਸਥਾਨ,ਗੁਰੂ ਨਾਨਕ ਖ਼ਾਲਸਾ ਗਰਲਜ਼ ਕਾਲਜੀਏਟ ਸਕੂਲ ਬਾਬਾ ਸੰਗ ਢੇਸੀਆਂ ਨੇ ਤੀਸਰਾ ਸਥਾਨ ਅਤੇ ਸੀਨੀਅਰ ਵਰਗ ਵਿੱਚ ਸਵਾਮੀ ਸੰਤ ਦਾਸ ਪਬਲਿਕ ਸਕੂਲ ਫਗਵਾੜਾ ਨੇ ਪਹਿਲਾ ਸਥਾਨ,ਸਾਹਿਬਜ਼ਾਦਾ ਅਜੀਤ ਸਿੰਘ ਜੀ ਪਬਲਿਕ ਸਕੂਲ ਸਰਹਾਲੀ ਦੂਸਰਾ ਸਥਾਨ ਅਤੇ ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ ਖਿਆਲਾ ਨੇ ਤੀਜਾ ਸਥਾਨ ਹਾਸਿਲ ਕੀਤਾ।ਇਸ ਮੌਕੇ ਪ੍ਰਿੰਸੀਪਲ ਡਾ. ਗੁਰਨਾਮ ਸਿੰਘ ਰਸੂਲਪੁਰ ਜੀ ਨੇ ਸਮਾਗਮ ਸਫਲਤਾ ਪੂਰਵਕ ਆਯੋਜਿਤ ਕਰਵਾਉਣ ਲਈ ਪ੍ਰੋਗਰਾਮ ਦੇ ਕੋਆਰਡੀਨੇਟਰ ਪ੍ਰੋ. ਅਮਰਪਾਲ ਕੌਰ, ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ,ਅਧਿਆਪਕ ਸਾਹਿਬਾਨ, ਵਿਦਿਆਰਥੀਆਂ, ਵਿਦਿਆਰਥੀਆਂ ਦੇ ਮਾਪਿਆਂ ਅਤੇ ਇਲਾਕਾ ਨਿਵਾਸੀਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਵੀ ਹਾਜ਼ਰ ਸਨ।



# ਡਾ: ਅੰਬੇਡਕਰ ਦੀ ਵਿਚਾਰਧਾਰਾ ‘ਤੇ ਪਹਿਰਾ ਦੇ ਰਹੀ ਆਮ ਆਦਮੀ ਪਾਰਟੀ : ਜੋਗਿੰਦਰ ਮਾਨ



ਫਗਵਾੜਾ ( ਸੁਸ਼ੀਲ ਸ਼ਰਮਾ ) ਸੰਵਿਧਾਨ ਨਿਰਮਾਤਾ ਡਾ: ਬੀ.ਆਰ. ਅੰਬੇਡਕਰ ਦੇ ਪਰਿਨਿਰਵਾਨ ਦਿਵਸ ਮੌਕੇ ਸੀਨੀਅਰ ਆਪ ਆਗੂ ਅਤੇ ਫਗਵਾੜਾ ਵਿਧਾਨਸਭਾ ਹਲਕੇ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਸਾਥੀਆਂ ਸਮੇਤ ਅੱਜ ਸਥਾਨਕ ਗੁਰੂ ਹਰਗੋਬਿੰਦ ਨਗਰ ਸਥਿਤ ਡਾ: ਅੰਬੇਡਕਰ ਪਾਰਕ ਵਿਖੇ ਸਥਾਪਿਤ ਬਾਬਾ ਸਾਹਿਬ ਦੇ ਬੁੱਤ ’ਤੇ ਫੁੱਲਮਾਲਾਵਾਂ ਭੇਟ ਕਰਕੇ ਨਿੱਘੀ ਸ਼ਰਧਾਂਜਲੀ ਦਿੱਤੀ। ਇਸ ਉਪਰੰਤ ਗੱਲਬਾਤ ਕਰਦਿਆਂ ਉਹਨਾਂ ਨੇ ਕਿਹਾ ਕਿ ਡਾ: ਅੰਬੇਡਕਰ ਨੇ ਭਾਰਤ ਦੇ ਸੰਵਿਧਾਨ ਦੀ ਰਚਨਾ ਸਮੇਂ ਜਾਤਾਂ-ਪਾਤਾਂ ’ਚ ਵੰਡੇ ਹੋਏ ਸਮਾਜ ਦੇ ਲੋਕਾਂ ਨੂੰ ਬਰਾਬਰੀ ਦਾ ਅਧਿਕਾਰ ਦੁਆਇਆ। ਉਨ੍ਹਾਂ ਦੀ ਬਦੌਲਤ ਹੀ ਦਲਿਤਾਂ ਅਤੇ ਔਰਤਾਂ ਨੂੰ ਵੋਟ ਦਾ ਅਧਿਕਾਰ ਪ੍ਰਾਪਤ ਹੋਇਆ ਹੈ। ਸਮੇਂ ਦੀ ਲੋੜ ਹੈ ਕਿ ਡਾ: ਅੰਬੇਡਕਰ ਦੇ ਵਿਚਾਰਾਂ ਤੋਂ ਸੇਧ ਲੈ ਕੇ ਭਾਰਤ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਕੀਤੀ ਜਾਵੇ। ਜਾਤਾਂ ਦੇ ਪਾੜੇ ਨੂੰ ਖਤਮ ਕਰਨ ਦਾ ਯਤਨ ਕੀਤਾ ਜਾਵੇ ਅਤੇ ਰਾਜ ਕਰਨ ਵਾਲੀਆਂ ਸਰਕਾਰਾਂ 140 ਕਰੋੜ ਭਾਰਤੀਆਂ ਦੀ ਭਲਾਈ ਲਈ ਕੰਮ ਕਰਨ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੀ ਵਿਚਾਰਧਾਰਾ ‘ਤੇ ਆਮ ਆਦਮੀ ਪਾਰਟੀ ਪਹਿਰਾ ਦੇਣ ਦਾ ਕੰਮ ਕਰ ਰਹੀ ਹੈ। ਦਿੱਲੀ ਅਤੇ ਪੰਜਾਬ ਵਿਚ ਆਪ ਸਰਕਾਰਾਂ ਸਰਕਾਰੀ ਸਕੂਲ ਆਫ ਐਮੀਨੈਂਸ ਯੋਜਨਾ ਰਾਹੀਂ ਬਾਬਾ ਸਾਹਿਬ ਦੇ ਵਿਚਾਰ ‘ਪੜ੍ਹੋ, ਜੁੜੋ ਤੇ ਸੰਘਰਸ਼ ਕਰੋ’ ਨੂੰ ਜਮੀਨੀ ਤੌਰ ਤੇ ਲਾਗੂ ਕਰ ਰਹੀਆਂ ਹਨ। ਇਸ ਮੌਕੇ ਹਰਮੇਸ਼ ਪਾਠਕ, ਗੁਰਦੀਪ ਸਿੰਘ ਦੀਪਾ, ਰਾਜਾ ਕੌਂਸਰ, ਰੋਹਿਤ ਸ਼ਰਮਾ, ਧਰਮਵੀਰ ਸੇਠੀ, ਗੁਰਦੀਪ ਸਿੰਘ ਤੁਲੀ, ਸੋਨੂ ਪਹਿਲਵਾਨ, ਪਰਮਜੀਤ ਧਰਮਸੋਤ, ਬੰਟੀ ਗਿੱਲ, ਰਮਨ ਨਹਿਰਾ, ਰੋਹਿਤ ਸੂਦ, ਅਮਰਜੀਤ ਸਿੰਘ ਨੇ ਵੀ ਬਾਬਾ ਸਾਹਿਬ ਨੂੰ ਨਿੱਘੀ ਸ਼ਰਧਾਂਜਲੀ ਭੇਂਟ ਕੀਤੀ।

# ਭਾਰਤ ਰਤਨ ਬਾਬਾ ਸਾਹਿਬ ਅੰਬੇਡਕਰ ਜੀ ਦਾ ਪ੍ਰੀਨਿਰਵਾਣ ਦਿਵਸ ਮੁਹੱਲਾ ਪ੍ਰੇਮ ਪੁਰਾ ਵਿਖੇ ਸ਼ਰਧਾਪੂਰਵਕ ਮਨਾਇਆ




ਫਗਵਾੜਾ (ਸੁਸ਼ੀਲ ਸ਼ਰਮਾ) ਭਾਰਤੀ ਸੰਵਿਧਾਨ ਦੇ ਨਿਰਮਾਤਾ, ਸਮੁੱਚੀ ਮਾਨਵਤਾ ਦੇ ਮਸੀਹਾ, ਭਾਰਤ ਰਤਨ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ
ਜੀ ਦਾ ਪ੍ਰੀਨਿਰਵਾਣ ਦਿਵਸ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਮੁਹੱਲਾ ਪ੍ਰੇਮ ਪੁਰਾ ਵਿਖੇ ਕਲਵਿੰਦਰ ਕਿੰਦਾ ਦੀ ਅਗਵਾਈ ਹੇਠ ਮਨਾਇਆ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਪ੍ਰਭਦਿਆਲ ਪ੍ਰੇਮਪੁਰਾ (ਇਟਲੀ) ਨੇ ਸ਼ਿਰਕਤ ਕਰ ਬਾਬਾ ਸਾਹਿਬ ਅੰਬੇਡਕਰ ਜੀ ਦੀ ਤਸਵੀਰ ਤੇ ਸਰਧਾਂ ਦੇ ਫੁੱਲ ਭੇਂਟ ਕਰਦਿਆ ਕਿਹਾ ਕਿ ਬਾਬਾ ਸਾਹਿਬ ਨੇ ਸਾਰੀ ਜ਼ਿੰਦਗੀ ਦੱਬੇ ਕੁਚਲੇ ਸਮਾਜ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਸੰਘਰਸ਼ ਕੀਤਾ ਅਤੇ ਭਾਰਤ ਦੇ ਸੰਵਿਧਾਨ ਦੀ ਰਚਨਾ ਕਰਕੇ ਭਾਰਤ ਵਾਸੀਆਂ ਨੂੰ ਬਰਾਬਰ ਦੇ ਕਾਨੂੰਨੀ ਹੱਕ ਲੈ ਕੇ ਦਿੱਤੇ। ਉਨ੍ਹਾ ਕਿਹਾ ਕਿ ਸਾਡੀ ਬਾਬਾ ਸਾਹਿਬ ਜੀ ਸੱਚੀ ਸ਼ਰਧਾਂਜਲੀ ਇਹੋ ਹੋਵੇਗੀ ਕਿ ਉਨ੍ਹਾ ਦੇ ਦਰਸਾਏ ਮਾਰਗ ਤੇ ਚੱਲਦੇ ਹੋਏ ਉਨ੍ਹਾ ਦੇ ਮਿਸ਼ਨ ਨੂੰ ਜਨ ਜਨ ਤੱਕ ਲੈ ਕੇ ਜਾਈਏ ਅਤੇ ਬਾਬਾ ਸਾਹਿਬ ਜੀ ਦੇ ਸੁਪਨਿਆਂ ਦਾ ਭਾਰਤ ਸਿਰਜੀਏ। ਇਸ ਮੌਕੇ ਸ੍ਰੀ ਕਲਵਿੰਦਰ ਕਿੰਦਾ,ਬੀ.ਕੇ.ਰੱਤੂ,ਮੋਹਣ ਲਾਲ,ਅਮਨਦੀਪ ਸੈਂਪਲੇ,ਬਲਵੰਤ ਜੱਖੂ, ਵਿੱਕੀ ਕੈਲੇ,ਵਿਵੇਕ ਚੰਦੜ,ਕੁਲਦੀਪ ਚੁੰਬਰ,ਬਲਵੀਰ ਕੁਮਾਰ ਮਾਧੋ,ਬਲਜੀਤ ਜੀਤਾ ਨਰਿੰਦਰ ਕੈਲੇ ਤੋਂ ਇਲਾਵਾ ਹੋਰ ਵੀ ਵਰਕਰ ਤੇ ਸਮਰਥਕ ਹਾਜ਼ਰ ਸਨ।

# ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦੀ ਪੰਡਰ ਪੁਰ ਮਹਾਰਾਸ਼ਟਰ ਤੋਂ ਚੱਲੀ ਰੱਥ ਅਤੇ ਪੈਦਲ ਯਾਤਰਾ ਦਾ ਯਾਤਰਾ ਦਾ ਲੁਧਿਆਣਾ ਦੀ ਅਖਿਲ ਭਾਰਤੀਆਂ ਸੰਤ ਨਾਮਦੇਵ ਮਹਾਂਸਭਾ ਦੇ ਮੈਬਰਾਂ ਵੱਲੋਂ ਹਾਰਦਿਕ ਸਵਾਗਤ ਕੀਤਾ ਗਿਆ



ਲੁਧਿਆਣਾ (ਸੁਖਚੈਨ ਮਹਿਰਾ)ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦੀ ਪੰਡਰ ਪੁਰ ਮਹਾਰਾਸ਼ਟਰ ਤੋਂ ਚੱਲੀ ਰੱਥ ਅਤੇ ਪੈਦਲ ਯਾਤਰਾ ਦਾ ਯਾਤਰਾ ਦਾ ਲੁਧਿਆਣਾ ਦੀ ਅਖਿਲ ਭਾਰਤੀਆਂ ਸੰਤ ਨਾਮਦੇਵ ਮਹਾਂਸਭਾ ਦੇ ਮੈਬਰਾਂ ਵੱਲੋਂ ਹਾਰਦਿਕ ਸਵਾਗਤ ਕੀਤਾ ਗਿਆ ਇਸ ਮੌਕੇ ਜਾਣਕਾਰੀ ਦੇਦਿਆ ਇਹ ਰੱਥ ਅਤੇ ਸਾਈਕਲ ਯਾਤਰਾ ਦਾ ਮੰਤਵ ਮਾਨਵਤਾ ਦੀ ਭਲਾਈ ਦਾ ਸੰਦੇਸ਼ ਦੇਣਾ ਹੈ ਅਤੇ ਸੰਤ ਸ਼੍ਰੋਮਣੀ ਬਾਬਾ ਨਾਮਦੇਵ ਜੀ ਮਹਾਰਾਜ ਜੀ ਦੀ ਬਾਣੀ ਦਾ ਪ੍ਰਚਾਰ ਕਰਨਾ ਹੈ ਇਸ ਯਾਤਰਾ ਵਿੱਚ ਸੌ ਤੋਂ ਵੱਧ ਸਾਈਕਲ ਯਾਤਰਾ ਸ਼ਰਧਾਲੂਆਂ ਵੱਲੋਂ ਹਿਸਾ ਲਿਆ ਜਾ ਰਿਹਾ ਹੈ ਸਭਾ ਦੇ ਮੈਬਰਾਂ ਅਜੀਤ ਸਿੰਘ ਫੁਲਕਾ ਅਤੇ ਦਰਸ਼ਨ ਰਾਣਾ ਨੇ ਦਸਿਆ ਕਿ ਇਹ ਯਾਤਰਾ ਪੰਜਾਬ ਹਰਿਆਣਾ,ਦਿੱਲੀ ਉੱਤਰ ਪ੍ਰਦੇਸ਼ ਮੱਧਪਰਦੇਸ਼ ਤੋਂ ਹੁੰਦੀ ਹੋਈ ਵਾਪਸ ਪੰਡਰ ਪੁਰ ਮਹਾਰਾਸ਼ਟਰ ਵਿੱਖੇ ਹੀ ਸੰਪੂਰਨ ਹੋਵੇਗੀ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਦਾ ਸਾਲਾਨਾ ਸਮਾਗਮ 30 ਨੂੰ




ਚੰਡੀਗੜ੍ਹ। (ਲੋਕ ਬਾਣੀ) ਮਹਾਰਿਸ਼ੀ ਪਬਲਿਕ ਸਕੂਲ ਦਯਾਨੰਦ ਪਬਲਿਕ ਸਕੂਲ, ਐਮ. ਡੀ.ਏ.ਵੀ ਭਵਨ, ਦਰਿਆ ਦਾ ਸਾਲਾਨਾ ਸਮਾਗਮ 21 ਦਸੰਬਰ ਨੂੰ ਸ੍ਰੀਮਤੀ ਸਿਕੰਦਰਾ ਦੇਵੀ ਮਲਟੀਪਰਪਜ਼ ਹਾਲ ਵਿਖੇ ਹੋਵੇਗਾ। ਇਸ ਸਾਲ ਸਾਲਾਨਾ ਸਮਾਗਮ ਦਾ ਵਿਸ਼ਾ ਜਯੋਤਿਰਗਮਯਾ ਹੈ। ਜਿਸ ਤਹਿਤ ਸਮਕਾਲੀ ਵਿਸ਼ਿਆਂ 'ਤੇ ਨਾਟਕਾਂ ਰਾਹੀਂ ਸੰਦੇਸ਼ ਦੇਣ ਵਾਲੀਆਂ ਝਲਕੀਆਂ ਦੇਖਣ ਨੂੰ ਮਿਲਣਗੀਆਂ। ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਸ਼ੁਰੂ ਹੋਵੇਗਾ ਜਿਸ ਵਿੱਚ ਵੱਖ-ਵੱਖ ਰਾਜਾਂ ਦੇ ਨਾਚ ਵੀ ਪੇਸ਼ ਕੀਤੇ ਜਾਣਗੇ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੌਦਗਿਲ ਨੇ ਦੱਸਿਆ ਕਿ ਮਾਪੇ ਅਤੇ ਬੱਚੇ ਇਸ ਪ੍ਰੋਗਰਾਮ ਦੀ ਉਡੀਕ ਕਰਦੇ ਹਨ। ਪਰਵਾਸੀ ਭਾਰਤੀ ਸੁਦਰਸ਼ਨ ਗਰਗ ਵੱਲੋਂ ਪ੍ਰੋਗਰਾਮ ਵਿੱਚ ਆਏ ਸਾਰੇ ਬੱਚਿਆਂ, ਮਾਪਿਆਂ, ਸਟਾਫ਼ ਅਤੇ ਮਹਿਮਾਨਾਂ ਲਈ ਰਿਫਰੈਸ਼ਮੈਂਟ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਐਨਆਰਆਈ ਸੁਦਰਸ਼ਨ ਗਰਗ ਸਕੂਲ ਦੇ ਵੀ ਨਮੂਨੇ ਹਨ। ਵਿਦਿਆਰਥੀ ਬਹੁਤ ਮਿਹਨਤ ਨਾਲ ਤਿਆਰੀ ਕਰ ਰਹੇ ਹਨ ਤਾਂ ਜੋ ਉਹ ਵਧੀਆ ਪ੍ਰਦਰਸ਼ਨ ਕਰ ਸਕਣ। ਪ੍ਰੋਗਰਾਮ ਦੌਰਾਨ ਸ਼ਿਕਾਗੋ ਅਮਰੀਕਾ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਐਨਆਰਆਈ ਸੁਦਰਸ਼ਨ ਗਰਗ, ਅਨੀਤਾ ਗਰਗ, ਬਬੀਤਾ ਕਾਲੀਆ, ਡੀਏਵੀ ਕਾਲਜ ਪ੍ਰਬੰਧਕ ਕਮੇਟੀ ਨਵੀਂ ਦਿੱਲੀ ਦੇ ਸਕੱਤਰ ਰਵਿੰਦਰ ਤਲਵਾੜ, ਅਚਾਰਿਆਕੁਲ ਦੇ ਪ੍ਰਧਾਨ ਕੇ.ਕੇ.ਸ਼ਾਰਦਾ, ਪ੍ਰਸਿੱਧ ਸਾਹਿਤਕਾਰ ਪ੍ਰੇਮ ਵਿਜ, ਸਾਬਕਾ ਡਿਪਟੀ ਮੇਅਰ ਅਨਿਲ ਦੂਬੇ, ਬਿਮਲਾ। ਦੂਬੇ, ਜੇ.ਪੀ.ਰਾਣਾ, ਰਾਓ ਅਕੈਡਮੀ ਦੇ ਪ੍ਰਧਾਨ ਵੇਣੂ ਰਾਓ, ਬਲਜੀਤ ਸਿੱਧੂ, ਸਮਾਜ ਸੇਵੀ ਸ. ਅਮਿਤ ਗਰਗ, ਰਾਜੇਸ਼ ਸ਼ਰਮਾ, ਐਨ. ਏ. ਸੁਸਾਇਟੀ ਤੋਂ ਨਿਖਰ ਆਨੰਦ ਮਿੱਢਾ, ਇਨਰ ਵ੍ਹੀਲ ਚੰਡੀਗੜ੍ਹ ਸਮਾਰਟ ਸਿਟੀ ਤੋਂ ਸ਼ੈਲੀ ਤਨੇਜਾ, ਪਾਇਲ ਅਤੇ ਅਨੀਤਾ ਮਿੱਢਾ, ਸਰਬਣੀ ਦੱਤਾ, ਮੋਨਿਕਾ ਆਰੀਆ, ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਆਦਿ ਹਾਜ਼ਰ ਹੋਣਗੇ।

ਰੋਜ਼ਾਨਾ ਲੋਕ ਬਾਣੀ www.lokbani

# ਜੀ.ਡੀ.ਆਰ ਸਕੂਲ ਵਿੱਚ ਮਨਾਇਆ ਗਿਆ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਦਿਵਸ




ਫਗਵਾੜਾ - (ਸੁਸ਼ੀਲ ਸ਼ਰਮਾ ) - ਜੀ. ਡੀ. ਆਰ ਕਾਨਵੈਂਟ ਸੀ. ਸੈ. ਸਕੂਲ, ਹੁਸ਼ਿਆਰਪੁਰ ਰੋਡ, ਫਗਵਾੜਾ ਵਿਖੇ ਲੋਟਸ ਸਦਨ ਦੇ ਇੰਚਾਰਜ ਮੈਡਮ ਨਵਜੋਤ ਕੌਰ ਦੀ ਅਗਵਾਈ ਵਿੱਚ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ । ਇਸ ਸਭਾ ਦਾ ਮੁਖ ਉਦੇਸ਼ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਅਤੇ ਕੁਰਬਾਨੀ ਨੂੰ ਯਾਦ ਕਰਨਾ ਸੀ । ਇਸ ਸਭਾ ਵਿੱਚ ਵਿਦਿਆਰਥੀਆਂ ਵਲੋਂ ਵਿਸ਼ੇਸ਼ ਰੂਪ ਵਿੱਚ ਸ਼ਬਦ ਗਾਇਨ ਕੀਤਾ ਗਿਆ । ਜਿਸ ਨਾਲ ਸਕੂਲ ਦਾ ਮਾਹੌਲ ਭਗਤੀ ਭਾਵਨਾ ਵਿੱਚ ਰੰਗ ਗਿਆ । ਇਸ ਉਪਰੰਤ ਸਵੇਰ ਦਾ ਵਿਚਾਰ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਸੁਮੇਧਾ ਵਲੋਂ ਪੇਸ਼ ਕੀਤਾ ਗਿਆ । ਸ਼ਹੀਦੀ ਦਿਵਸ ਨਾਲ ਸੰਬੰਧਿਤ ਵਿਚਾਰ ਗਿਆਰ੍ਹਵੀਂ ਜਮਾਤ ਦੀ ਹੀ ਵਿਦਿਆਰਥਣ ਹਿਮਾਂਸ਼ੀ ਵਲੋਂ ਸਾਂਝੇ ਕੀਤੇ ਗਏ । ਉਸਨੇ ਆਪਣੇ ਭਾਸ਼ਣ ਵਿੱਚ ਦੱਸਦਿਆਂ ਹੋਇਆ ਕਿਹਾ ਕਿ ਇਹ ਦਿਨ ਸਾਡੇ ਧਾਰਮਿਕ, ਸੰਸਕ੍ਰਿਤਕ ਅਤੇ ਆਤਮਿਕ ਇਤਿਹਾਸ ਵਿੱਚ ਇਕ ਮਹਾਨ ਮਹੱਤਵ ਰੱਖਦਾ ਹੈ । ਸ਼੍ਰੀ ਗੁਰੂ ਤੇਗ ਬਹਾਦਰ ਜੀ ਸਿੱਖਾਂ ਦੇ ਨੌਵੇਂ ਗੁਰੂ ਸਿਰਫ਼ ਸਿੱਖਾਂ ਲਈ ਹੀ ਨਹੀਂ, ਸਗੋਂ ਪੂਰੇ ਜਗਤ ਦੇ ਹੱਕਾਂ ਦੀ ਰੱਖਿਆ ਕਰਨ ਵਾਲੇ ਸੰਤ ਸਨ । ਉਹਨਾਂ ਨੇ ਆਪਣਾ ਜੀਵਨ ਮਨੁੱਖੀ ਹੱਕਾਂ, ਧਾਰਮਿਕ ਆਜ਼ਾਦੀ ਅਤੇ ਸੱਚ ਦੀ ਰਾਖੀ ਲਈ ਵਾਰ ਦਿੱਤਾ । ਜਦੋਂ ਮੁਗ਼ਲ ਸਮਰਾਟ ਔਰੰਗਜ਼ੇਬ ਨੇ ਜ਼ਬਰਦਸਤੀ ਧਰਮ ਬਦਲਣ ਦੀ ਮੰਗ ਕੀਤੀ ਤਾਂ ਉਹਨਾਂ ਨੇ ਆਪਣਾ ਸੀਸ ਤਿਆਗ ਦਿੱਤਾ ਪਰ ਇਨਸਾਨੀਅਤ ਦੇ ਮੂਲ ਸੰਕਲਪਾਂ ਤੋਂ ਪਿੱਛੇ ਨਹੀਂ ਹੱਟੇ । 1675 ਈ. ਵਿੱਚ ਦਿੱਲੀ ਦੇ ਚਾਂਦਨੀ ਚੌਂਕ ਵਿਖੇ ਗੁਰੂ ਜੀ ਨੇ ਅਸਹਿਣਸ਼ੀਲਤਾ ਅਤੇ ਜ਼ੁਲਮ ਦੇ ਖਿਲਾਫ ਸ਼ਹਾਦਤ ਪਾਈ । ਉਹਨਾਂ ਦੀ ਸ਼ਹੀਦੀ ਸਾਡੇ ਸਭ ਲਈ ਪ੍ਰੇਰਨਾਦਾਇਕ ਹੈ । ਉਹਨਾਂ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਲਾਗੂ ਕਰਨਾ ਅੱਜ ਦੀ ਜ਼ਰੂਰਤ ਬਣ ਗਈ ਹੈ । ਅਖੀਰ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਮਾਧਵੀ ਜੀ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਸੱਚਾਈ, ਨਿਰਭਰਤਾ ਅਤੇ ਧਾਰਮਿਕ ਸਹਿਣਸ਼ੀਲਤਾ ਦੇ ਪਾਠ ਜੋ ਸਾਨੂੰ ਗੁਰੂ ਜੀ ਨੇ ਦਿੱਤੇ ਹਨ, ਉਹ ਅੱਜ ਦੇ ਯੁਗ ਵਿੱਚ ਵੀ ਬਹੁਤ ਮਹੱਤਵਪੂਰਨ ਹਨ । ਇਸ ਸ਼ਹੀਦੀ ਦਿਵਸ ਨੂੰ ਮਨਾਉਣ ਦਾ ਮੁੱਖ ਮਕਸਦ ਉਹਨਾਂ ਦੇ ਸਿਧਾਂਤਾ ਤੇ ਚਲਣਾ ਅਤੇ ਹਮੇਸ਼ਾ ਸੱਚ ਦੇ ਰਾਹ ਤੇ ਤੁਰਨਾ ਹੈ । ਉਹਨਾਂ ਨੇ ਮਨੁੱਖਤਾ ਦੀ ਰੱਖਿਆ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ । ਇਹ ਕੁਰਬਾਨੀ ਕੋਈ ਛੋਟੀ ਨਹੀਂ ਹੈ । ਆਓ ਅਸੀਂ ਅੱਜ ਇਹ ਵਾਅਦਾ ਕਰੀਏ ਕਿ ਅਸੀਂ ਗੁਰੂ ਜੀ ਦੇ ਦਿਖਾਏ ਰਸਤੇ ਤੇ ਤੁਰਾਂਗੇ ਅਤੇ ਮਨੁੱਖਤਾ ਦੀ ਸੇਵਾ ਕਰਾਂਗੇ ।

ਰੋਜ਼ਾਨਾ ਲੋਕ ਬਾਣੀ www.lokbani

# ਕਾਨਪੁਰ: ਬਾਬੂਪੁਰਵਾ ਸਰਕਲ ਵਿੱਚ ਆਈਪੀਐਸ ਅੰਜਲੀ ਦੀ ਅਗਵਾਈ ਵਿੱਚ ਪ੍ਰਭਾਵੀ ਕਾਰਵਾਈ ਜਾਰੀ, ਕਈ ਗ੍ਰਿਫ਼ਤਾਰ

ਕਾਨਪੁਰ (ਸੁਨੀਲ ਬਾਜਪਾਈ) ਇੱਥੇ ਬਾਬੂਪੁਰਵਾ ਸਰਕਲ ਦੇ ਗੋਵਿੰਦ ਨਗਰ, ਜੂਹੀ, ਕਿਦਵਈ ਨਗਰ ਅਤੇ ਬਾਬੂਪੁਰਵਾ ਸਰਕਲ ਦੇ ਬਾਬੂ ਪੁਰਵਾ ਵਿੱਚ ਜੋ ਕਿ ਚੁਣੌਤੀਪੂਰਨ ਮੰਨੇ ਜਾਂਦੇ ਹਨ, ਵਿੱਚ ਪੀੜਤਾਂ ਦੀ ਹਰ ਸੰਭਵ ਸਹਾਇਤਾ ਦੇ ਨਾਲ-ਨਾਲ ਹਰ ਤਰ੍ਹਾਂ ਦੇ ਅਪਰਾਧੀਆਂ ਦੇ ਖਿਲਾਫ ਲਗਾਤਾਰ ਪ੍ਰਭਾਵੀ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਤਹਿਤ ਕਈ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਘਟਨਾਵਾਂ ਦਾ ਸਹੀ ਖ਼ੁਲਾਸਾ ਕਰਕੇ ਉਸ ਨੂੰ ਜੇਲ੍ਹ ਵੀ ਭੇਜਿਆ ਜਾ ਰਿਹਾ ਹੈ। ਇਨ੍ਹਾਂ ਵਿੱਚੋਂ ਬਾਬੂ ਪੁਰਵਾ ਕਾਨਪੁਰ ਦੇ ਸੰਵੇਦਨਸ਼ੀਲ ਥਾਣਿਆਂ ਵਿੱਚੋਂ ਇੱਕ ਹੈ।



ਯਾਦ ਰਹੇ ਕਿ ਅੱਜ ਕੱਲ੍ਹ ਬਾਬੂ ਪੁਰਵਾ ਸਰਕਲ ਦੀ ਕਮਾਨ ਬਤੌਰ ਏ.ਸੀ.ਪੀ. ਦੇਸ਼ ਅਤੇ ਸੂਬੇ ਦੇ ਉਨ੍ਹਾਂ ਕਰਤੱਵ ਅਤੇ ਇਮਾਨਦਾਰ ਆਈ.ਪੀ.ਐਸ. ਅਫ਼ਸਰਾਂ ਵਿੱਚੋਂ ਇੱਕ ਹੈ, ਜੋ ਕਿ ਯੋਗੀ ਸਰਕਾਰ ਦੀ ਨੀਅਤ ਅਨੁਸਾਰ ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਦੇ ਨਾਲ-ਨਾਲ ਪੀੜਤਾਂ ਦੀ ਮਦਦ ਕਰਨ ਵਿੱਚ ਵੀ ਮੋਹਰੀ ਹੈ। ਉਸ ਕੋਲ ਇੱਕ ਨਿਰਪੱਖ ਅਤੇ ਪਾਰਦਰਸ਼ੀ ਕੰਮ ਕਰਨ ਦੀ ਸ਼ੈਲੀ ਹੈ, ਜੋ ਕਿ ਵਿਸ਼ਵਕਰਮਾ ਦੇ ਹੱਥਾਂ ਵਿੱਚ ਹੈ। ਜਿੱਥੋਂ ਤੱਕ ਅੰਜਲੀ ਵਿਸ਼ਵਕਰਮਾ ਦੇ ਹੁਣ ਤੱਕ ਦੇ ਆਈਪੀਐਸ ਅਧਿਕਾਰੀ ਦੇ ਕਾਰਜਕਾਲ ਦਾ ਸਬੰਧ ਹੈ। ਅਪਰਾਧੀਆਂ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ ਅਤੇ ਨਿਰਦੋਸ਼ਾਂ ਨੂੰ ਫਸਾਇਆ ਨਹੀਂ ਜਾਣਾ ਚਾਹੀਦਾ, ਵਰਗੀ ਲੋਕ ਹਿੱਤ ਦੀ ਮਜ਼ਬੂਤ ਵਿਚਾਰਧਾਰਾ ਰੱਖਣ ਵਾਲੀ ਆਈ.ਪੀ.ਐੱਸ. ਅੰਜਲੀ ਵਿਸ਼ਵਕਰਮਾ ਦਾ ਹੁਣ ਤੱਕ ਦਾ ਕਾਰਜਕਾਲ ਇਹ ਸਾਬਤ ਕਰਦਾ ਹੈ ਕਿ ਉਨ੍ਹਾਂ ਦੀ ਡਿਊਟੀ ਪ੍ਰਤੀ ਦ੍ਰਿੜ੍ਹ ਨਿਸ਼ਠਾ ਨੇ ਹਰ ਛੋਟੀ-ਮੋਟੀ ਘਟਨਾ ਨੂੰ ਗੰਭੀਰਤਾ ਨਾਲ ਲਿਆ ਹੈ ਅਤੇ ਦੋਸ਼ੀਆਂ ਨੂੰ ਸ. ਪੂਰੀ ਨਿਰਪੱਖਤਾ ਅਤੇ ਪਾਰਦਰਸ਼ਤਾ ਦੇ ਨਾਲ ਨਿਆਂ ਦੇ ਘੇਰੇ ਵਿੱਚ ਲਿਆਂਦਾ ਗਿਆ ਹੈ, ਉਹ ਪੀੜਤਾਂ ਦੇ ਖਿਲਾਫ ਪ੍ਰਭਾਵਸ਼ਾਲੀ ਕਾਰਵਾਈ ਕਰਨ ਅਤੇ ਮਦਦ ਕਰਨ ਵਿੱਚ ਕਦੇ ਵੀ ਪਿੱਛੇ ਨਹੀਂ ਹਟਦੀ। ਜੋ ਵੀ ਉਨ੍ਹਾਂ ਕੋਲ ਜਾਂਦਾ ਹੈ। ਉਹ ਨਿਰਾਸ਼ ਹੋ ਕੇ ਨਹੀਂ ਪਰਤਦਾ।

ਅਧਿਆਤਮਿਕ ਦ੍ਰਿਸ਼ਟੀਕੋਣ ਭੜਕਾਊ ਅਤੇ ਵਿਹਾਰਕ ਆਈਪੀਐਸ ਅੰਜਲੀ ਵਿਸ਼ਵਕਰਮਾ ਦੀ ਪ੍ਰਸ਼ੰਸਾਯੋਗ ਕਾਰਜਸ਼ੈਲੀ ਦੀ ਵੀ ਪੁਸ਼ਟੀ ਕਰਦਾ ਹੈ, ਜੋ ਕਾਨੂੰਨ ਅਤੇ ਵਿਵਸਥਾ ਦੇ ਹੱਕ ਵਿੱਚ ਅਪਰਾਧੀਆਂ ਦੇ ਵਿਰੁੱਧ ਪ੍ਰਭਾਵੀ ਕਾਰਵਾਈ ਅਤੇ ਪੀੜਤਾਂ ਦੀ ਤੁਰੰਤ ਮਦਦ ਲਈ ਜਾਣੀ ਜਾਂਦੀ ਹੈ। ਉਨ੍ਹਾਂ ਅਨੁਸਾਰ ਜੇਕਰ ਕੋਈ ਪੀੜਤ ਮਦਦ ਲਈ ਆਉਂਦਾ ਹੈ ਤਾਂ ਇਸ ਦਾ ਅਰਥ ਹੈ ਕਿ ਰੱਬ, ਅੱਲ੍ਹਾ ਅਤੇ ਪ੍ਰਮਾਤਮਾ ਆਪਣੇ ਰੂਪ ਵਿੱਚ ਸਾਡੇ, ਤੁਹਾਡੇ ਜਾਂ ਕਿਸੇ ਦੇ ਵੀ ਅਧਿਕਾਰ, ਸਮਰੱਥਾ ਅਤੇ ਡਿਊਟੀ ਪ੍ਰਤੀ ਲਗਨ ਅਤੇ ਸੇਵਾ ਪ੍ਰਤੀ ਇਮਾਨਦਾਰੀ ਨੂੰ ਪਰਖਣ ਲਈ ਆਏ ਹਨ।

ਖਾਸ ਗੱਲ ਇਹ ਹੈ ਕਿ ਕਿਸੇ ਵੀ ਪੀੜਤ ਵਿਅਕਤੀ ਦੀਆਂ ਸਮੱਸਿਆਵਾਂ ਅਤੇ ਦੁੱਖਾਂ ਦਾ ਹੱਲ ਵੀ ਸਬੰਧਤ ਵਿਅਕਤੀ ਲਈ ਆਸ਼ੀਰਵਾਦ ਪੈਦਾ ਕਰਦਾ ਹੈ, ਜੋ ਨਿਸ਼ਚਿਤ ਤੌਰ ਤੇ ਉਸ ਦੇ ਜੀਵਨ ਵਿੱਚ ਫਲਦਾ ਹੈ। ਅਧਿਆਤਮਿਕ ਦ੍ਰਿਸ਼ਟੀਕੋਣ ਅਨੁਸਾਰ, ਅਜਿਹਾ ਇਸ ਲਈ ਹੈ ਕਿਉਂਕਿ ਕਿਸੇ ਪ੍ਰਤੀ ਅਸ਼ੀਰਵਾਦ ਅਤੇ ਸਰਾਪ ਦੇ ਰੂਪ ਵਿੱਚ ਬੋਲੇ ਗਏ ਸ਼ਬਦ ਕਦੇ ਵੀ ਨਸ਼ਟ ਨਹੀਂ ਹੁੰਦੇ ਹਨ। .... ਅਤੇ ਜੇ ਅਜਿਹਾ ਹੁੰਦਾ ਤਾਂ ਅਸੀਂ ਜਾਂ ਕੋਈ ਹੋਰ ਮੋਬਾਈਲ ਤੇ ਗੱਲ ਕਰਨ ਦੇ ਯੋਗ ਨਹੀਂ ਹੁੰਦਾ, ਕਿਉਂਕਿ ਅਮਰ, ਅਮਰ, ਅਵਿਨਾਸ਼ੀ ਅੱਖਰਾਂ ਤੋਂ ਬਣੇ ਸ਼ਬਦ ਅਤੇ ਸ਼ਬਦਾਂ ਤੋਂ ਬਣੇ ਵਾਕ ਹੀ ਲਿਖਤ ਦੇ ਰੂਪ ਵਿੱਚ ਇਸ ਸੰਸਾਰ ਨੂੰ ਰਾਜ ਕਰਦੇ ਹਨ, ਪੜ੍ਹਨਾ ਅਤੇ ਬੋਲਣਾ. ਭਾਵ, ਜੇ ਕੁਝ ਲਿਖਿਆ, ਪੜ੍ਹਿਆ ਜਾਂ ਕਿਹਾ ਨਹੀਂ ਜਾਂਦਾ, ਤਾਂ ਇਹ ਸੰਸਾਰ ਕੰਮ ਨਹੀਂ ਕਰ ਸਕਦਾ। ਭਾਵ, ਜੇਕਰ ਕੋਈ ਯੋਗ ਸਥਿਤੀ ਵਿਚ ਚੁੱਪ ਰਹੇ, ਤਾਂ ਸਾਰਾ ਜਨਤਕ ਪ੍ਰਬੰਧ ਠੱਪ ਹੋ ਜਾਵੇਗਾ।

ਇਸ ਦੇ ਨਾਲ ਹੀ ਪੁਲਿਸ ਵਿਭਾਗ ਵਿੱਚ ਇੱਕ ਆਮ ਵਿਅਕਤੀ ਵਜੋਂ ਜਾਂ ਕਿਸੇ ਯੋਗ ਹੈਸੀਅਤ ਵਿੱਚ ਸੇਵਾ ਨਿਭਾਉਣਾ ਵੀ ਦੁਨੀਆਂ ਦੇ ਬਾਕੀ ਸਾਰੇ ਅਹੁਦਿਆਂ ਅਤੇ ਵਿਭਾਗਾਂ ਨਾਲੋਂ ਵੱਧ ਮਹੱਤਵਪੂਰਨ ਹੈ, ਕਿਉਂਕਿ ਦੁਨੀਆਂ ਨੂੰ ਚਲਾਉਣ ਦੀ ਇਲਾਹੀ ਪ੍ਰਣਾਲੀ ਵਿੱਚ ਪੁਲਿਸ ਵਿਭਾਗ ਦਾ ਜਿੰਨਾ ਅਹਿਮ ਰੋਲ ਹੁੰਦਾ ਹੈ। ਪੁਲਿਸ ਵਿਭਾਗ ਵਿੱਚ ਕਿਸੇ ਵੀ ਅਹੁਦੇਦਾਰ ਦੀ ਇਹ ਅਹਿਮ ਭੂਮਿਕਾ ਇਸ ਸੰਸਾਰ ਵਿੱਚ ਮਨੁੱਖ ਦੇ ਜਨਮ ਤੋਂ ਪਹਿਲਾਂ ਸ਼ੁਰੂ ਹੁੰਦੀ ਹੈ ਅਤੇ ਮੌਤ ਤੋਂ ਬਾਅਦ ਵੀ ਜਾਰੀ ਰਹਿੰਦੀ ਹੈ ਜਾਂਚ ਅਤੇ ਵਿਸ਼ਲੇਸ਼ਣ ਦੇ ਰੂਪ ਵਿੱਚ ਇਹ ਪਤਾ ਲਗਾਉਣ ਦੀ ਨੀਅਤ ਨਾਲ ਕਿ ਇਹ ਕਤਲ ਕਿਸ ਦੀ ਕੁੱਖ ਵਿੱਚ ਹੋਇਆ ਬੱਚਾ ਅਤੇ ਮੌਤ ਤੋਂ ਬਾਅਦ ਵੀ ? ਭਾਵ, ਪੁਲਿਸ ਤੋਂ ਇਲਾਵਾ ਦੁਨੀਆਂ ਦੇ ਕਿਸੇ ਹੋਰ ਵਿਭਾਗ ਜਾਂ ਇੱਥੋਂ ਤੱਕ ਕਿ ਇਸ ਦੇ ਉੱਚ ਅਹੁਦੇਦਾਰ ਦੀ ਜਨਮ ਤੋਂ ਪਹਿਲਾਂ ਤੋਂ ਮੌਤ ਤੱਕ ਇੰਨੀ ਵੱਡੀ ਭੂਮਿਕਾ ਨਹੀਂ ਹੈ। ਇੱਥੋਂ ਤੱਕ ਕਿ ਕਤਲ ਦੇ ਮਾਮਲੇ ਵਿੱਚ ਪੁਲਿਸ ਤੋਂ ਇਲਾਵਾ ਦੁਨੀਆਂ ਦੇ ਕਿਸੇ ਵੀ ਉੱਚ ਅਹੁਦੇ ਦੇ ਧਾਰਕ ਨੂੰ ਇਹ ਪੂਰਾ ਅਧਿਕਾਰ ਨਹੀਂ ਹੈ ਕਿ ਉਹ ਕਿਸੇ ਵਿਅਕਤੀ ਦੇ ਕੀਤੇ ਕੰਮਾਂ ਦਾ ਨਤੀਜਾ ਉਸ ਦੀ ਮੌਤ ਤੋਂ ਬਾਅਦ ਸਜ਼ਾ, ਉਮਰ ਕੈਦ ਜਾਂ ਮੌਤ ਦੀ ਸਜ਼ਾ ਦੇ ਰੂਪ ਵਿੱਚ ਦੇਣ।

ਖਾਸ ਗੱਲ ਇਹ ਹੈ ਕਿ ਸੰਸਾਰ ਦੀ ਕਾਰਜ ਪ੍ਰਣਾਲੀ ਦੇ ਅਧੀਨ, ਜਨਮ ਅਤੇ ਮੌਤ ਦੇ ਵਿਚਕਾਰ ਦਾ ਸਮਾਂ ਭਾਵ ਜੀਵਨ ਮਨੁੱਖ ਦੇ ਕਰਮਾਂ ਅਨੁਸਾਰ ਸੁੱਖ ਜਾਂ ਗ਼ਮੀ ਵਿੱਚ ਬਦਲ ਜਾਂਦਾ ਹੈ, ਨਾਲ ਹੀ ਜੀਵਨ ਨੂੰ ਸੁਰੱਖਿਆ ਅਤੇ ਸੁਰੱਖਿਆ ਦੇ ਰੂਪ ਵਿੱਚ ਬਦਲਿਆ ਜਾਂਦਾ ਹੈ। ਲੋਕਾਂ ਦੀ ਭਲਾਈ, ਉਹ ਇੱਕ ਭੌਤਿਕ ਜੀਵ ਦੇ ਰੂਪ ਵਿੱਚ, ਕਿਸੇ ਦੀ ਜਾਨ ਬਚਾਉਣ ਦੀ ਯੋਗਤਾ, ਯੋਗਤਾ ਅਤੇ ਸਮਰੱਥਾ ਰੱਖਦਾ ਹੈ ਅਤੇ ਜੇਕਰ ਉਹ ਇਸਦੇ ਉਲਟ ਵਿਵਹਾਰ ਕਰਦਾ ਹੈ ਤਾਂ ਉਸਨੂੰ ਮੌਤ (ਮੁਕਾਬਲੇ) ਦੇ ਰੂਪ ਵਿੱਚ ਖਤਮ ਕਰ ਸਕਦਾ ਹੈ, ਜਿਸਨੂੰ ਪੁਲਿਸ ਕਿਹਾ ਜਾਂਦਾ ਹੈ। . ਇਸ ਤੋਂ ਇਹ ਸਿੱਧ ਹੁੰਦਾ ਹੈ ਕਿ ਈਸ਼ਵਰ, ਅੱਲਾ ਅਤੇ ਪ੍ਰਮਾਤਮਾ ਵੀ ਪੁਲਿਸ ਮਹਿਕਮੇ ਵਿਚ ਛੋਟੇ ਤੋਂ ਵੱਡੇ ਅਹੁਦਿਆਂ ਤੇ ਬਿਰਾਜਮਾਨ ਕਰਮਯੋਗੀਆਂ ਦੇ ਰੂਪ ਵਿਚ ਸੰਸਾਰ ਵਿਚ ਮਨੁੱਖ ਦੇ ਚੰਗੇ-ਮਾੜੇ ਕਰਮਾਂ ਦਾ ਫਲ ਦਿੰਦਾ ਹੈ। ਇਸੇ ਸਿਲਸਿਲੇ ਵਿੱਚ ਏਸੀਪੀ ਬਾਬੂ ਪੁਰਵਾ ਦੇ ਰੂਪ ਵਿੱਚ ਸਾਦੀ ਤੇ ਨੇਕ ਸੁਭਾਅ ਦੀ ਆਈਪੀਐਸ ਅੰਜਲੀ ਵਿਸ਼ਵਕਰਮਾ ਵੀ ਸਖ਼ਤ ਮਿਹਨਤ ਨਾਲ ਡਿਊਟੀ ਦੇ ਰਾਹ 'ਤੇ ਲਗਾਤਾਰ ਅੱਗੇ ਵਧ ਰਹੀ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਇਸੂਜ਼ੂ ਆਈ ਕੇਅਰ ਵਿੰਟਰ ਕੈਂਪ 9 ਦਸੰਬਰ ਤੋਂ ਸ਼ੁਰੂ ਹੋਵੇਗਾ



ਮੋਹਾਲੀ, (ਲੋਕ ਬਾਣੀ) ਇਸੂਜ਼ੂ ਮੋਟਰਸ ਇੰਡੀਆ ਆਪਣੀ ਇਸੂਜ਼ੂ ਕੇਅਰ ਮੁਹਿੰਮ ਦੇ ਹਿੱਸੇ ਵਜੋਂ 9 ਤੋਂ 14 ਦਸੰਬਰ ਤੱਕ ਦੇਸ਼ ਭਰ ਵਿੱਚ ਇਸੂਜ਼ੂ ਆਈ ਕੇਅਰ ਵਿੰਟਰ ਕੈਂਪ ਚਲਾਏਗਾ ਜਿਸ ਵਿੱਚ ਇਸੂਜ਼ੂ ਡੀ ਮੈਕਸ ਪਿਕਅੱਪ ਅਤੇ ਐਸਯੂਵੀ ਮਾਲਕ ਇਸ ਕੈਂਪ ਦਾ ਲਾਭ ਲੈ ਸਕਦੇ ਹਨ। ਇਹ ਇੱਕ ਦੇਸ਼ ਵਿਆਪੀ ਮੁਹਿੰਮ ਹੈ ਜੋ ਇਸੂਜ਼ੂ ਮਾਲਕਾਂ ਨੂੰ ਆਕਰਸ਼ਕ ਲਾਭ ਅਤੇ ਰੱਖ-ਰਖਾਅ ਜਾਂਚਾਂ ਦੀ ਪੇਸ਼ਕਸ਼ ਕਰਦੀ ਹੈ। ਇਹ ਕੈਂਪ ਸਾਰੇ ਅਧਿਕਾਰਤ ਇਸੂਜ਼ੂ ਡੀਲਰ ਸਰਵਿਸ ਆਊਟਲੈਟਸ ਵਿੱਚ ਲਗਾਇਆ ਜਾਵੇਗਾ। ਇਨ੍ਹਾਂ ਕੈਂਪਾਂ ਵਿੱਚ, ਗ੍ਰਾਹਕਾਂ ਨੂੰ ਲੇਬਰ, ਪਾਰਟਸ, ਲੂਬ ਅਤੇ ਫਲੁਡ ਅਤੇ ਆਰਐਸਏ ਦੀ ਖਰੀਦ ਤੇ ਡਿਸਕਾਊਂਟ ਦੇ ਨਾਲ 37 ਪੁਆਇੰਟਾਂ ਦੀ ਵਿਸਤ੍ਰਿਤ ਜਾਂਚ ਮੁਫ਼ਤ ਦਿੱਤੀ ਜਾ ਰਹੀ ਹੈ। ਇਹ ਲਾਭ ਬੀਐਸ 6 ਵਾਹਨਾਂ ਤੇ ਵੈਧ ਹੈ। ਇਹ ਕੈਂਪ ਮੋਹਾਲੀ ਸਹਿਤ ਦੇਸ਼ ਭਰ ਦੇ ਸਾਰੇ ਅਧਿਕਾਰਤ ਇਸੂਜ਼ੂ ਡੀਲਰ ਸਰਵਿਸ ਆਊਟਲੇਟਾਂ ਵਿੱਚ ਲਗਾਇਆ ਜਾ ਰਿਹਾ ਹੈ।

# ਆਖਿਰ ਲਵਾਰਿਸ ਪਈ ਗ੍ਰੀਨ ਬੈਲਟ ਦੁਗਰੀ ਨੂੰ ਮਿਲ ਹੀ ਗਏ ਵਾਰਿਸ,ਐਨ.ਜੀ.ਓ ਮਾਰਸ਼ਲ ਏਡ ਫਾਉਂਡੇਸ਼ਨ (ਰਜ਼ਿ) ਨੂੰ ਮਿਲੀ ਸਾਂਭ-ਸੰਭਾਲ ਦੀ ਜਿੰਮੇਵਾਰੀ



ਲੁਧਿਆਣਾ( ਸੁਖਚੈਨ ਮਹਿਰਾ)ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਜੀ ਅਤੇ ਉਹਨਾਂ ਦੀ ਸਮੁੱਚੀ ਟੀਮ ਪੰਜਾਬ ਨੂੰ ਹਰਿਆਵਲ ਅਤੇ ਰੰਗਲਾ ਪੰਜਾਬ ਬਣਾਉਣ ਲਈ ਚੌਹਪੱਖੀ ਵਿਕਾਸ ਕਾਰਜ ਕਰ ਰਹੇ ਹਨ। ਜਿਸਦੇ ਤਹਿਤ ਅੱਜ ਐਮ.ਐਲ.ਏ ਆਤਮ ਨਗਰ ਸ੍ਰੀ ਕੁਲਵੰਤ ਸਿੰਘ ਸਿੱਧੂ ਜੀ ਦੀ ਅਗਵਾਈ ਹੇਠ ਨਗਰ ਨਿਗਮ ਕਮਿਸ਼ਨਰ ਆਦਿਤਿਆ ਡੇਚਲਵਾਲ ਜੀ ਅਤੇ ਅਸਿਸਟੈਂਟ ਕਮਿਸ਼ਨਰ ਸ.ਜਸਦੇਵ ਸਿੰਘ ਸੇਖੋਂ ਜੀ ਵੱਲੋਂ ਮਾਰਸ਼ਲ ਏਡ ਫਾਊਂਡੇਸ਼ਨ (ਰਜ਼ਿ) ਉੱਤੇ ਭਰੋਸਾ ਜਿਤਾਉਂਦੇ ਹੋਏ ਗਰੀਨ ਬੈਲਟ ਸਿਧਵਾ ਨਹਿਰ ਦੁਗਰੀ ਚੌਂਕ ਤੋਂ ਦਾਣਾ ਮੰਡੀ ਰੇਲਵੇ ਫਾਟਕ ਲੁਧਿਆਣਾ ਤੱਕ ਦੇ ਰੱਖ-ਰਖਾਵ ਅਤੇ ਵਿਕਸਿਤ ਕਰਨ ਦੀ ਜਿੰਮੇਵਾਰੀ ਦਿੱਤੀ ਗਈ ਹੈ। ਇੱਥੇ ਜਿਕਰਯੋਗ ਹੈ ਕਿ ਨਗਰ ਨਿਗਮ ਲੁਧਿਆਣਾ ਦੇ ਅਸਿਸਟੈਂਟ ਕਮਿਸ਼ਨਰ ਸ. ਜਸਦੇਵ ਸਿੰਘ ਸੇਖੋਂ ਜੀ ਵੱਲੋਂ ਸ਼ੁਰੂ ਕੀਤੀ ਗਈ ਟ੍ਰੀ ਏ.ਟੀ.ਐਮ ਵੈਨ ਮਿਸ਼ਨ ਹਰਾ-ਭਰਾ ਭਰਾ ਲੁਧਿਆਣਾ ਵਿੱਚ ਮਾਰਸ਼ਲ ਏਡ ਫਾਉਂਡੇਸ਼ਨ ਦੇ ਵਲੰਟੀਅਰਾਂ ਵੱਲੋ ਹੀ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਬੂਟੇ ਲਗਾਏ ਜਾ ਰਹੇ ਹਨ।

ਇਸ ਮੌਕੇ ਤੇ ਮਾਰਸ਼ਲ ਏਡ ਫਾਉਂਡੇਸ਼ਨ (ਰਜ਼ਿ) ਦੀ ਸਮੂਚੀ ਟੀਮ ਵੱਲੋਂ ਮਾਣਯੋਗ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਜੀ, ਐਮ. ਐਲ.ਏ ਆਤਮ ਨਗਰ ਸ. ਕੁਲਵੰਤ ਸਿੰਘ ਸਿੱਧੂ ਜੀ ,ਨਗਰ ਨਿਗਮ ਲੁਧਿਆਣਾ ਕਮਿਸ਼ਨਰ ਸ੍ਰੀ ਆਦਿਤਿਆ ਡੇਚਲਵਾਲ ਜੀ ਅਤੇ ਨਗਰ ਨਿਗਮ ਲੁਧਿਆਣਾ ਦੇ ਅਸਿਸਟੈਂਟ ਕਮਿਸ਼ਨਰ ਸ. ਜਸਦੇਵ ਸਿੰਘ ਸੇਖੋਂ ਜੀ ਦਾ ਧੰਨਵਾਦ ਕੀਤਾ ਗਿਆ ਅਤੇ ਉਹਨਾਂ ਨੇ ਕਿਹਾ ਕਿ ਉਹਨਾਂ ਨੂੰ ਇਹ ਜਿੰਮੇਵਾਰੀ ਮਿਸ਼ਨ ਹਰਾ-ਭਰਾ ਲੁਧਿਆਣਾ ਤਹਿਤ ਕੀਤੀ ਗਈ ਨਿਰਸਵਾਰਥ ਸੇਵਾ ਨੂੰ ਦੇਖਦੇ ਹੋਏ ਮਿਲੀ ਹੈ ਅਤੇ ਉਹਨਾ ਦੀ ਐਨ. ਜੀ. ਓ ਅੱਗੇ ਵੀ ਸ਼ਹਿਰ ਨੂੰ ਸਾਫ- ਸੁਥਰਾ ਬਣਾਈ ਰੱਖਣ ਲਈ ਕੰਮ ਕਰਦੇ ਰਹਿਣਗੇ। ਅਸੀਂ ਯਕੀਨ ਦਵਾਉਂਦੇ ਹਾਂ ਕਿ ਮਾਰਸ਼ਲ ਏਡ ਫਾਉਂਡੇਸ਼ਨ (ਰਜ਼ਿ) ਉਹਨਾਂ ਦੇ ਇਸ ਭਰੋਸੇ ਉੱਤੇ ਪੂਰਾ-ਪੂਰਾ ਖਰਾ ਉਤਰੇਗੀ।

# ਸਰਕਾਰੀ ਹਾਈ ਸਕੂਲ ਕਮਾਲਪੁਰ ਦੇ ਖਿਡਾਰੀ ਨੇ ਰਾਜ ਪੱਧਰੀ ਖੇਡਾਂ ਚ ਹਾਸਲ ਕੀਤਾ ਤੀਜਾ ਸਥਾਨ



ਦਿੜ੍ਹਬਾ ਮੰਡੀ, (ਲੋਕ ਬਾਣੀ)) : ਸਰਕਾਰੀ ਹਾਈ ਸਕੂਲ ਕਮਾਲਪੁਰ ਦੇ ਖਿਡਾਰੀ ਨੇ ਖੇਡਾਂ ਵਤਨ ਪੰਜਾਬ ਦੀਆਂ ਸੀਜਨ-3 ਤਹਿਤ ਕਰਵਾਏ ਗਏ ਕਬੱਡੀ ਸਰਕਲ ਸਟਾਇਲ ਅੰਡਰ 14 ਸਾਲ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੀਸਰਾ ਸਥਾਨ ਹਾਸਲ ਕੀਤਾ ਹੈ। ਜੇਤੂ ਖਿਡਾਰੀ ਦਾ ਸਕੂਲ ਪਹੁੰਚਣ ਤੇ ਸ਼ਾਨਦਾਰ ਸਵਾਗਾਤ ਕੀਤਾ ਗਿਆ। ਡੀ.ਪੀ. ਈ. ਰਮਨਦੀਪ ਸਿੰਘ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੇ ਰਾਜ ਪੱਧਰੀ ਮੁਕਾਬਲੇ ਵਿੱਚ ਸਕੂਲ ਦੇ ਖਿਡਾਰੀ ਲਖਵਿੰਦਰ ਸਿੰਘ ਨੇ ਕਬੱਡੀ ਸਰਕਲ ਸਟਾਇਲ ਅੰਡਰ 14 ਸਾਲ ਵਿੱਚ ਸੰਗਰੂਰ ਜਿਲ੍ਹੇ ਦੀ ਪ੍ਰਤੀਨਿਧਤਾ ਕਰਦਿਆਂ ਤੀਸਰਾ ਸਥਾਨ ਹਾਸਲ ਕੀਤਾ ਹੈ। ਸਕੂਲ ਮੁਖੀ ਡਾ. ਪਰਮਿੰਦਰ ਸਿੰਘ ਦੇਹੜ ਨੇ ਜੇਤੂ ਖਿਡਾਰੀ ਦਾ ਸਨਮਾਨ ਕਰਦਿਆਂ ਕਿਹਾ ਕਿ ਇਹ ਖਿਡਾਰੀ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੇ ਮਾਤਾ-ਪਿਤਾ ਅਤੇ ਇਸ ਸਕੂਲ ਦਾ ਨਾਮ ਰੌਸ਼ਨ ਕਰਦਾ ਰਹੇਗਾ। ਉਹਨਾਂ ਨੇ ਇਸ ਪ੍ਰਾਪਤੀ ਲਈ ਖਿਡਾਰੀ ਲਖਵਿੰਦਰ ਸਿੰਘ ਅਤੇ ਡੀਪੀਈ ਰਮਨਦੀਪ ਸਿੰਘ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਅਧਿਆਪਕ ਮੰਗਲ ਸਿੰਘ, ਡੀਪੀਈ ਰਮਨਦੀਪ ਸਿੰਘ, ਰਮਨਪ੍ਰੀਤ ਸਿੰਘ ਅਤੇ ਕੰਚਨਪ੍ਰੀਤ ਕੌਰ ਸਮੇਤ ਸਮੂਹ ਸਟਾਫ ਤੇ ਵਿਦਿਅਰਾਥੀ ਮੌਜੂਦ ਸਨ।

# ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਅੰਗਹੀਣ ਪ੍ਰਾਰਥੀਆਂ ਨੂੰ ਵਿਭਾਗ ਦੀਆਂ ਗਤੀਵਿਧੀਆਂ ਤੋਂ ਜਾਣੂੰ ਕਰਵਾਇਆ





ਫਗਵਾੜਾ, (ਸੁਸ਼ੀਲ ਸ਼ਰਮਾ ): ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਕਪੂਰਥਲਾ ਵਲੋਂ ਅੰਗਹੀਣ ਪ੍ਰਾਰਥੀਆਂ ਨੂੰ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀਆਂ ਗਤੀਵਿਧੀਆਂ ਤੋਂ ਜਾਣੂੰ ਕਰਵਾਉਣ ਲਈ ਸੁਖਜੀਤ ਸਟਾਰਚ ਫਗਵਾੜਾ ਵਿਖੇ ਵਿਸ਼ਵ ਅੰਗਹੀਣ ਦਿਵਸ ਮਨਾਇਆ ਗਿਆ।

ਇਸ ਬਾਰੇ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਕਪੂਰਥਲਾ ਰਾਜਨ ਸ਼ਰਮਾ ਨੇ ਦੱਸਿਆ ਕਿ ਡਾਇਰੈਕਟਰ ਰੋਜ਼ਗਾਰ ਉੱਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਪੰਜਾਬ ਵਲੋਂ ਜਾਰੀ ਹਦਾਇਤਾਂ ਮੁਤਾਬਿਕ ਵਿਸ਼ਵ ਅੰਗਹੀਣ ਦਿਵਸ ਮਨਾਇਆ ਗਿਆ ਤਾਂ ਜੋ ਅੰਗਹੀਣ ਪ੍ਰਾਰਥੀਆਂ ਨੂੰ ਉਨਾਂ ਦੀ ਯੋਗਤਾ ਅਤੇ ਕਾਰਗੁਜ਼ਾਰੀ ਬਾਰੇ ਜਾਗਰੂਕ ਕੀਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਸੁਖਜੀਤ ਸਟਾਰਚ ਫਗਵਾੜਾ ਦੇ ਸਹਿਯੋਗ ਨਾਲ ਇਹ ਦਿਵਸ ਜਿਸ ਵਿੱਚ ਲਗਭਗ 30 ਅੰਗਹੀਣ ਪ੍ਰਾਰਥੀ ਸ਼ਾਮਲ ਹੋਏ, ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਕਪੂਰਥਲਾ ਅਤੇ ਪੰਜਾਬ ਹੁਨਰ ਵਿਕਾਸ ਮਿਸ਼ਨ ਦੀਆਂ ਰੋਜ਼ਗਾਰ ਸਬੰਧੀ ਗਤੀਵਿਧੀਆਂ ਜਿਵੇਂ ਰਜਿਸਟ੍ਰੇਸ਼ਨ, ਕੈਰੀਅਰ ਗਾਈਡੈਂਸ, ਪਲੇਸਮੈਂਟ ਕੈਂਪ/ ਸਵੈ-ਰੋਜ਼ਗਾਰ ਕੈਂਪ ਅਤੇ ਹੁਨਰ ਵਿਕਾਸ ਕੋਰਸਾਂ ਆਦਿ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਗਈ।

ਇਸ ਮੌਕੇ ਹਾਜ਼ਰ ਪ੍ਰਾਰਥੀਆਂ ਲਈ ਰਿਫਰੈਸ਼ਮੈਂਟ ਆਦਿ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਬਿਊਰੋ ਵਲੋਂ ਪਲੇਸਮੈਂਟ ਅਫਸਰ ਵਰੁਣ ਜੋਸ਼ੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

# ਸਿੱਖਿਆ ਵਿਭਾਗ ਵਿੱਚ ਹੋ ਰਹੇ ਨਿੱਤ ਨਵੇਂ ਤਜ਼ਰਬਿਆਂ ਦਾ ਕੌੜਾ-ਸੱਚ




(ਲੋਕ ਬਾਣੀ) ਕਿਸੇ ਵੇਲੇ ਸਿੱਖਿਆ ਵਿਭਾਗ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਯਤਨਸ਼ੀਲ ਰਿਹਾ ਹੈ। ਜਿਨ੍ਹਾਂ ਸਮਿਆਂ ਵਿੱਚ ਤਕਨਾਲੋਜੀ ਨਾ ਮਾਤਰ ਸੀ ਉਨ੍ਹਾਂ ਸਮਿਆਂ ਵਿੱਚ ਜਦੋਂ ਅਧਿਆਪਕ ਵੀ ਸਕੂਲਾਂ ਵਿੱਚ ਟਾਮਾ ਟੱਲਾ ਅਤੇ ਸਕੂਲ ਵੀ ਟਾਮਾ ਟੱਲਾ।ਆਉਣ ਜਾਣ ਲਈ ਸਾਧਨ ਵੀ ਨਾ ਮਾਤਰ। ਕਿਸੇ ਨੇ ਪੈਦਲ, ਕਿਸੇ ਨੇ ਸਾਈਕਲ, ਜਾਂ ਫੇਰ ਪਿੰਡ ਦੇ ਲੋਕਾਂ ਦੁਆਰਾ ਮਾਸਟਰ,ਭੈਣ ਜੀ

# ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ ਯੋਗਾ ਅਧਿਆਨ ਕੇਂਦਰ ਦੀ ਕੀਤੀ ਗਈ ਸ਼ੁਰੂਆਤ



ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼) ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਜਿੱਥੇ ਸੀ.ਐਮ.ਦੀ ਯੋਗਸ਼ਾਲਾ ਅਧੀਨ ਯੋਗਾ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਉੱਥੇ ਹੀ ਅੱਜ ਗੁਰੂ ਰਵੀਦਾਸ ਆਯੁਰਵੈਦਿਕ ਯੂਨੀਵਰਸਿਟੀ,ਹੁਸ਼ਿਆਰਪੁਰ ਵੱਲੋਂ ਯੋਗਾ ਡਿਪਲੋਮੇ ਦੀ ਸ਼ੁਰੂਆਤ ਸਥਾਨਕ ਸਰਕਾਰੀ ਕਾਲਜ ਵਿਖੇ ਵੀਡੀਓ ਕਾਨਫਰੰਸ ਰਾਹੀ ਹੋਈ, ਇਹ ਜਾਣਕਾਰੀ ਸੀ.ਐਮ. ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੁਆਰਡੀਨੇਟਰ ਨਿਰਮਲ ਸਿੰਘ ਨੇ ਦਿੱਤੀ

ਵੀਡੀਓ ਕਾਨਫਰੰਸ ਕਲਾਸ ਦੌਰਾਨ ਗੁਰੂ ਰਵਿਦਾਸ ਆਯੁਰਵੇਦ ਯੂਨੀਵਰਸਿਟੀ ਦੇ ਰਜਿਸਟਰਾਰ ਡਾਕਟਰ ਸੰਜੀਵ ਗੋਇਲ,ਡਾ. ਗਗਨਦੀਪ ਸਿੰਘ ਧਾਕੜ ,ਸੀ.ਐਮ ਯੋਗਸ਼ਾਲਾ ਦੇ ਸਲਾਹਕਾਰ ਅਮਰੇਸ਼ ਕੁਮਾਰ ਝਾਅ ਅਤੇ ਕਮਲੇਸ਼ ਕੁਮਾਰ ਮਿਸ਼ਰਾ ਨੇ ਯੋਗ ਸਿੱਖਿਆਰਥੀਆਂ ਨੂੰ ਯੋਗ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਯੋਗ ਦੇ ਭਵਿੱਖ , ਕੈਰੀਅਰ ਵਿਕਲਪਾਂ ਬਾਰੇ ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੱਤੀ।

ਸੀ.ਐਮ. ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੁਆਰਡੀਨੇਟਰ ਨਿਰਮਲ ਸਿੰਘ ਨੇ ਦੱਸਿਆ ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ ਚੱਲ ਰਹੇ ਯੋਗਾ ਅਧਿਆਨ ਕੇਂਦਰ ਵਿਖੇ 30 ਯੋਗ ਸਿੱਖਿਆਰਥੀਆਂ ਨੇ ਯੋਗ ਦੀ ਟਰੇਨਿੰਗ ਲਈ ਇੰਨਰੋਲ ਕੀਤਾ ਹੈ। ਉਨ੍ਹਾਂ ਹੋਰ ਕਿਹਾ ਕਿ ਸੀ.ਐਮ. ਦੀ ਯੋਗਸ਼ਾਲਾ ਅਧੀਨ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਯੋਗਾ ਦੀਆਂ ਕਲਾਸਾਂ ਲਗਾਈਆਂ ਜਾ ਰਹੀਆਂ ਹਨ। ਜੇਕਰ ਕਿਸੇ ਵੀ ਮੁਹੱਲੇ ਦੇ ਲੋਕ ਆਪਣੇ ਇਲਾਕੇ ਵਿੱਚ ਯੋਗ ਕਲਾਸ ਲਗਵਾਉਣਾ ਚਾਹੁੰਦੇ ਹਨ ਤਾਂ ਉਹ ਪੰਜਾਬ ਸਰਕਾਰ ਦੇ ਹੈਲਪਲਾਈਨ ਨੰਬਰ 76694-00500 'ਤੇ ਮਿਸ ਕਾਲ ਕਰ ਸਕਦੇ ਹਨ, ਜਿਸ ਅਨੁਸਾਰ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਘਰ ਦੇ ਨੇੜੇ ਹੀ ਸੀ.ਐਮ. ਦੀ ਯੋਗਸ਼ਾਲਾ ਸ਼ੁਰੂ ਕਰਵਾਈ ਜਾਵੇਗੀ।

# ਖੜੀਆਂ ਖੜੀਆਂ ਖਸਤਾਹਾਲ ਹੋ ਰਹੀਆਂ ਬੀ ਆਰ ਟੀ ਐਸ ਦੀਆਂ ਬੱਸਾਂ ਦੁਬਾਰਾ ਸੜਕਾਂ ਤੇ ਚੱਲੀਆਂ

ਅੰਮ੍ਰਿਤਸਰ, (ਲੋਕ ਬਾਣੀ)- ਲੰਬੇ ਸਮੇਂ ਤੋਂ ਬੰਦ ਪਈਆਂ ਬੀਆਰਟੀਐਸ ਬੱਸਾਂ ਅੱਜ ਦੁਬਾਰਾ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇੱਕ ਹੀ ਜਗ੍ਹਾ ਤੇ ਖੜੇ ਆ ਬੱਸਾਂ ਦੀ ਹਾਲਤ ਦਿਨ ਬ ਦਿਨ ਖਸਤਾ ਹੋ ਰਹੀ ਸੀ। ਨਾਰੀਅਲ ਪਾਣੀ ਪੀ ਬਸਾਂ ਸੜਕਾਂ ਤੇ ਦੁਬਾਰਾ ਚਲਣ ਕਰਕੇ ਬੀਆਰਟੀਐਸ ਯੂਨੀਅਨ ਨਾਲ ਸੰਬੰਧਿਤ ਕਰਮਚਾਰੀਆਂ ਵਿੱਚ ਵੀ ਖੁਸ਼ੀ ਦੀ ਲਹਿਰ ਦੌੜ ਗਈ। ਕਰਮਚਾਰੀਆਂ ਵੱਲੋਂ ਯੂਨੀਅਨ ਆਗੂਆਂ ਨੂੰ ਸਿਰੋਪਾਓ ਭੇਂਟ ਕਰਦਿਆਂ ਸਨਮਾਨਿਤ ਵੀ ਕੀਤਾ ਗਿਆ।

ਨਰਾਇਣਗੜ੍ਹ ਸਥਿਤ ਇੰਡੀਆ ਗੇਟ ਤੋਂ ਗੋਲਡਨ ਗੇਟ ਤੱਕ ਰੂਟ ਨੰਬਰ 201 ਦੀਆਂ ਬੱਸਾਂ ਨੂੰ ਝੰਡੀ ਵਿਖਾ ਕੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸ਼ੁਰੂ ਕੀਤਾ। ਇਸ ਮੌਕੇ ਉਹਨਾਂ ਨਾਲ ਵਿਧਾਇਕ ਇੰਦਰਬੀਰ ਸਿੰਘ ਨਿਜਰ, ਵਿਧਾਇਕ ਅਜੇ ਗੁਪਤਾ, ਸ਼ਹਿਰੀ ਪ੍ਰਧਾਨ ਮਨੀਸ਼ ਅਗਰਵਾਲ, ਕਮਿਸ਼ਨਰ ਕਾਰਪੋਰੇਸ਼ਨ ਗੁਰਪ੍ਰੀਤ ਸਿੰਘ ਔਲਖ ਅਤੇ ਹੋਰ ਨੇਤਾ ਵੀ ਹਾਜ਼ਰ ਸਨ। ਧਾਲੀਵਾਲ ਨੇ ਇਸ ਮੌਕੇ ਦੱਸਿਆ ਕਿ ਫਿਲਹਾਲ ਇਹ ਬੱਸਾਂ ਟਰਾਇਲ ਲਈ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਅਤੇ ਤਿੰਨ ਹਫਤੇ ਤੱਕ ਇਹਨਾਂ ਉੱਤੇ ਕੋਈ ਕਿਰਾਇਆ ਨਹੀਂ ਲੱਗੇਗਾ। ਉਸ ਤੋਂ ਬਾਅਦ ਇਹਨਾਂ ਬੱਸਾਂ ਦਾ ਕਿਰਾਇਆ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਸਾਰੇ ਰੂਟਾਂ ਉੱਤੇ ਬਸ ਸੇਵਾ ਸ਼ੁਰੂ ਹੋਵੇਗੀ। ਉਹਨਾਂ ਦੱਸਿਆ ਕਿ ਬੀ ਆਰ ਟੀ ਐਸ ਸੇਵਾ ਦੇਣ ਵਾਲੀ ਕੰਪਨੀ ਕਰੀਬ ਡੇਢ ਸਾਲ ਪਹਿਲਾਂ ਭੱਜ ਗਈ ਸੀ। ਜਿਸ ਕਾਰਨ ਇਹ ਬੱਸਾਂ ਰੁਕ ਗਈਆਂ ਸਨ ਅਤੇ ਹੁਣ ਅੰਮ੍ਰਿਤਸਰ ਸ਼ਹਿਰ ਵਾਸੀਆਂ ਦੀ ਮੰਗ ਉੱਤੇ ਦੁਬਾਰਾ ਇਹਨਾਂ ਨੂੰ ਕਾਰਪੋਰੇਸ਼ਨ ਵੱਲੋਂ ਚਲਾਇਆ ਜਾ ਰਿਹਾ ਹੈ ਅਤੇ ਅੱਜ ਤੋਂ ਇਹਨਾਂ ਦਾ ਕੰਮ ਕਾਰਪੋਰੇਸ਼ਨ ਹੀ ਦੇਖੇਗੀ, ਜਿਸ ਨਾਲ ਬੱਸਾਂ ਨਿਰੰਤਰ ਸੜਕਾਂ ਉੱਤੇ ਦੌੜ ਸਕਣਗੀਆਂ।

ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਇਸ ਸਮੇਂ ਇੰਡੀਆ ਗੇਟ ਤੋਂ ਗੋਲਡਨ ਗੇਟ ਤੱਕ 5 ਬੱਸਾਂ ਚੱਲਣਗੀਆਂ। ਇਸ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਪੁਤਲੀਘਰ, ਰੇਲਵੇ ਸਟੇਸ਼ਨ ਅਤੇ ਹੋਰ ਖੇਤਰ ਕਵਰ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਬੱਸਾਂ ਦਾ ਟਾਈਮ ਟੇਬਲ ਵੀ ਹਫ਼ਤੇ ਬਾਅਦ ਜਾਰੀ ਕਰ ਦਿੱਤਾ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਇੱਕ ਮਹੀਨੇ ਬਾਅਦ ਬੀਆਰਟੀਐਸ ਰੋਡ 'ਤੇ 60 ਕਮਰਸ਼ੀਅਲ ਬੱਸਾਂ ਚੱਲਣੀਆਂ ਸ਼ੁਰੂ ਹੋ ਜਾਣਗੀਆਂ।

ਉਨਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਬੱਸ ਦੇ ਰੂਟ ਵਿੱਚ ਅੱਜ ਤੋਂ ਬਾਅਦ ਕੋਈ ਨਿੱਜੀ ਵਾਹਨ ਨਾ ਲੈ ਕੇ ਆਉਣ ਉਹਨਾਂ ਦੱਸਿਆ ਕਿ ਪੁਲਿਸ ਇਸ ਲਈ ਵੱਡੇ ਚਲਾਨਾਂ ਦਾ ਪ੍ਰਬੰਧ ਕਰ ਰਹੀ ਹੈ ਅਤੇ ਜੇਕਰ ਕੋਈ ਵਾਹਨ ਇਹਨਾਂ ਰੂਟਾਂ ਦੇ ਵਿੱਚ ਆਇਆ ਤਾਂ ਉਹਨਾਂ ਨੂੰ ਭਾਰੀ ਜੁਰਮਾਨਾ ਦੇਣਾ ਪਵੇਗਾ।



ਰੋਜ਼ਾਨਾ ਲੋਕ ਬਾਣੀ www.lokbani

# ਫਗਵਾੜਾ 'ਚ 39ਵਾਂ ਸਵੱਛ ਭਾਰਤ 'ਵਾਤਾਵਰਣ ਮੇਲਾ' ਅੱਜ - ਮਲਕੀਅਤ ਸਿੰਘ ਰਘਬੋਤਰਾ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਵਲੋਂ ਨਗਰ ਨਿਗਮ ਫਗਵਾੜਾ ਅਤੇ ਸ਼ਹਿਰ ਦੀਆਂ ਸਮੂਹ ਸਮਾਜਕ ਅਤੇ ਵਿੱਦਿਅਕ ਸੰਸਥਾਵਾ ਦੇ ਸਹਿਯੋਗ ਨਾਲ 39ਵਾਂ ਸਵੱਛ ਭਾਰਤ ਵਾਤਾਵਰਣ ਮੇਲਾ 7 ਤੇ 8 ਦਸੰਬਰ ਨੂੰ ਡਾ. ਬੀ.ਆਰ. ਅੰਬੇਡਕਰ ਆਡੀਟੋਰੀਅਮ ਪੀ.ਡਬਲਯੂ.ਡੀ. ਰੈਸਟ ਹਾਊਸ ਫਗਵਾੜਾ ਵਿਖੇ ਮਨਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਐਸਸੀਏਸ਼ਨ ਦੇ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਐਸੋਸੀਏਸ਼ਨ ਦੇ ਪ੍ਰਧਾਨ ਕੇ.ਕੇ. ਸਰਦਾਨਾ ਦੀ ਰਹਿਨੁਮਾਈ ਹੇਠ ਮੇਲੇ ਦਾ ਉਦਘਾਟਨ ਸਵੇਰੇ 10.30 ਵਜੇ ਜਿਲ੍ਹਾ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਕਰਨਗੇ। ਉਹਨਾਂ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਇਸ ਵਾਤਾਵਰਣ ਮੇਲੇ ਵਿਚ ਜੇਸੀਜ, ਰੋਟਰੀ, ਲਾਇਨਜ਼, ਅਲਾਇਨਜ਼ ਕਲੱਬਾਂ ਵਲੋਂ ਭਰਪੂਰ ਸਹਿਯੋਗ ਦਾ ਭਰੋਸਾ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਡਿਵਾਈਨ ਏਂਜਲਸ ਵੱਲੋਂ ਸਾਇੰਸ ਮਾਡਲ ਮੁਕਾਬਲੇ, ਚਿੱਤਰਕਾਰੀ ਪ੍ਰਤੀਯੋਗਿਤਾ, ਫੈਂਸੀ ਡਰੈਸ, ਲੋਕਗੀਤ, ਪਤੰਗਬਾਜ਼ੀ, ਰੰਗੋਲੀ, ਵੇਸਟ ਟੂ ਬੈਸਟ, ਲੋਕ-ਨਾਚ, ਹੈਲਦੀ ਬੇਬੀ, ਫੱਲਦਾਰ ਰੁੱਖ ਲਗਾਉਣ, ਬਾਡੀ ਬਿਲਡਿੰਗ ਆਦਿ ਮੁਕਾਬਲੇ ਵੀ ਕਰਵਾਏ ਜਾਣਗੇ। ਮੇਲੇ ਦੌਰਾਨ ਇਲਾਕੇ 'ਚ ਵਾਤਾਵਰਣ ਸਵੱਛਤਾ ਦੇ ਮੱਦੇਨਜਰ ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ।

ਰੋਜ਼ਾਨਾ ਲੋਕ ਬਾਣੀ www.lokbani

# ਵਿਆਹ ਦੀਆ ਮੁਬਰਕਾਂ




ਰਾਜੇਸ਼ ਅਤੇ ਨੈਨਾ ਨੂੰ ਬਿਆਹ ਦੇ ਵੰਧਨ ਵਿੱਚ ਵਨਣ ਦੀਆ ਮੁਬਰਕਾਂ

# ਵਿਧਾਇਕ ਡਾ.ਅਜੈ ਗੁਪਤਾ ਨੇ ਸਰਕਾਰੀ ਮੈਡੀਕਲ ਕਾਲਜ ਵਿੱਚ ਨੌਕਰੀਆਂ ਲਈ ਨਿਯੁਕਤੀ ਪੱਤਰ ਵੰਡੇ

ਅੰਮ੍ਰਿਤਸਰ,(ਲੋਕ ਬਾਣੀ) ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ.ਅਜੇ ਗੁਪਤਾ ਨੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਨੌਕਰੀਆਂ ਲਈ ਨਿਯੁਕਤੀ ਪੱਤਰ ਵੰਡੇ। ਵਿਧਾਇਕ ਡਾ.ਗੁਪਤਾ ਨੇ ਕਿਹਾ ਕਿ ਉਨ੍ਹਾਂ ਨੂੰ ਬਹੁਤ ਚੰਗਾ ਮਹਿਸੂਸ ਹੋ ਰਿਹਾ ਹੈ ਕਿ ਉਸੇ ਕਾਲਜ ਵਿਚ ਨੌਕਰੀਆਂ ਲਈ ਨਿਯੁਕਤੀ ਪੱਤਰ ਵੰਡੇ ਜਾ ਰਹੇ ਹਨ ਜਿੱਥੋਂ ਉਹ ਪੜ੍ਹ ਕੇ ਡਾਕਟਰ ਬਣੇ ਹਨ। ਉਨ੍ਹਾਂ ਦੱਸਿਆ ਕਿ ਪਾਸਕੋ ਏਜੰਸੀ ਅਧੀਨ 10 ਨੌਜਵਾਨ ਲੜਕੇ-ਲੜਕੀਆਂ ਨੂੰ ਕਾਲਜ ਵਿੱਚ ਨੌਕਰੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਨੌਕਰੀ ਲੈਣ ਵਾਲਿਆਂ ਨੂੰ ਵੀ ਇੰਕਰੀਮੈਂਟ, ਪ੍ਰੋਵੀਡੈਂਟ ਫੰਡ ਅਤੇ ਈਐਸਆਈ ਕਾਰਡ ਮਿਲੇਗਾ। ਉਨ੍ਹਾਂ ਕਿਹਾ ਕਿ ਨੌਕਰੀ ਪ੍ਰਾਪਤ ਕਰਨ ਵਾਲਿਆਂ ਨੂੰ ਮਿਹਨਤ ਅਤੇ ਲਗਨ ਨਾਲ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ 51 ਹਜ਼ਾਰ ਤੋਂ ਵੱਧ ਨੌਕਰੀਆਂ ਦੇਣ ਦੀ ਪ੍ਰਕਿਰਿਆ ਜਾਰੀ ਰੱਖੀ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜਾਂ ਦੇ ਨਾਲ-ਨਾਲ ਉਹ ਲੋਕਾਂ ਨੂੰ ਸਹੂਲਤਾਂ ਦੇਣ ਲਈ ਵਚਨਬੱਧ ਹਨ।ਇਸ ਮੌਕੇ ਸਰਕਾਰੀ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਡਾ.ਪ੍ਰਵੀਨ ਦੇਵਗਨ, ਕਾਲਜ ਦੇ ਮੈਡੀਕਲ ਸੁਪਰਡੈਂਟ ਡਾ.ਕਰਮਜੀਤ ਸਿੰਘ ਵੀ ਹਾਜ਼ਰ ਸਨ।



SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements
18+ MOUs with Industries
100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
64 YEARS EDUCATIONAL EXCELLENCE
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
CANADIAN PATHWAY PROGRAMS
CORP. OFFICE : 680-L MODEL TOWN, JALANDHAR.
www.stsoldiergroup.com

# ਨਵਾਂ ਟਰਾਂਸਫਾਰਮਰ ਰੱਖਣ ਨਾਲ ਪਿੰਡ ਬਡਾਲਾ ਦੇ ਵਸਨੀਕਾਂ ਦੀ ਸਮੱਸਿਆ ਹੋਈ ਦੂਰ: ਰਘਬੀਰ ਬਡਾਲਾ



ਖਰੜ, (ਕਾਲਾ ਸਿੰਘ ਸੈਣੀ )- ਸ਼ਹਿਰ ਖਰੜ ਦੇ ਵਾਰਡ ਨੰਬਰ 26 ਪਿੰਡ ਬਡਾਲਾ ਵਿਖੇ ਬਿਜਲੀ ਦੇ ਲੱਗੇ ਨਵੇਂ ਟਰਾਂਸਫਾਰਮ ਨਾਲ ਲੋਕਾਂ ਨੇ ਬਿਜਲੀ ਦੀ ਸਮੱਸਿਆ ਦੂਰ ਹੋ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਬਡਾਲਾ ਵਾਰਡ ਨੰਬਰ 26 ਦੇ ਇੰਚਾਰਜ ਰਘਬੀਰ ਸਿੰਘ ਬਡਾਲਾ ਨੇ ਕਿਹਾ ਕਿ ਪਿੰਡ ਵਿੱਚ ਬਿਜਲੀ ਦੀ ਸਮੱਸਿਆ ਨੂੰ ਦੇਖਦੇ ਹੋਏ ਇਹ ਸਮੱਸਿਆ ਹਲਕਾ ਵਿਧਾਇਕ ਅਨਮੋਲ ਗਗਨ ਮਾਨ ਦੇ ਧਿਆਨ ਵਿੱਚ ਲਿਆਂਦੀ ਗਈ। ਜਿਸ ਤੋਂ ਬਾਅਦ ਉਹਨਾਂ ਪਹਿਲ ਦੇ ਅਧਾਰ ਤੇ ਟਰਾਂਸਫਾਰਮ ਵੱਡਾ ਕਰਨ ਸਬੰਧੀ ਬਿਜਲੀ ਬੋਰਡ ਨੂੰ ਹਦਾਇਤ ਕੀਤੀ ਕੇ ਜਲਦ ਤੋਂ ਜਲਦ ਟਰਾਂਸਫਾਰਮ ਵੱਡਾ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਗਰਮੀਆਂ ਵਿੱਚ ਪਿੰਡ ਵਾਸੀਆਂ ਨੂੰ ਬਿਜਲੀ ਸਬੰਧੀ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਵੇਗੀ। ਇਸ ਮੌਕੇ ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਬਿੱਟੂ, ਜਸਵੰਤ ਸਿੰਘ, ਗੁਰਦੀਪ ਸਿੰਘ ਵਿੱਕੀ, ਕਮਲ ਨਿਆ ਸ਼ਹਿਰ ਅਤੇ ਹੋਰ ਪਿੰਡ ਨਿਵਾਸੀ ਹਾਜ਼ਰ ਸਨ।

# ਪਿੰਡ ਘੜੂੰਆਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਖਰੜ, ( ਕਾਲਾ ਸਿੰਘ ਸੈਣੀ )- ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਘੜੂੰਆਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਈ ਦੀਪ ਸਿੰਘ ਘੜੂੰਆਂ ਅਤੇ ਬਾਬਾ ਦਿਲਬਾਗ ਸਿੰਘ ਨੇ ਦੱਸਿਆ ਕਿ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਰਖਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਤੋਂ ਉਪਰੰਤ ਦੀਵਾਨ ਸਜਾਏ ਗਏ ॥ ਇਸ ਮੌਕੇ ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ ਦੇ ਕੀਰਤਨੀ ਜਥੇ ਗਿਆਨੀ ਮਨਦੀਪ ਸਿੰਘ ਮੁਰੀਦ ਕਥਾਵਾਚਕ ਅਤੇ ਅੰਤਰਰਾਸ਼ਟਰੀ ਢਾਡੀ ਭਾਈ ਅਵਤਾਰ ਸਿੰਘ ਆਲਮ ਦੇ ਢਾਡੀ ਜਥੇ ਵੱਲੋ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਅਤੇ ਉਨਾਂ ਵੱਲੋਂ ਤਿਲਕ ਜੰਜੂ ਦੀ ਰਾਖੀ ਲਈ ਦਿੱਤੀ ਸ਼ਹਾਦਤ ਦੇ ਪ੍ਰਸੰਗ ਦਾ ਵਰਨਣ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਤੇ ਗੁਰੂ ਘਰ ਦੇ ਹੈਡ ਗ੍ਰੰਥੀ ਗਿਆਨੀ ਮੋਹਨ ਸਿੰਘ ਵੱਲੋਂ ਕੀਰਤਨੀ ਕਥਾਵਾਚਕ ਅਤੇ ਢਾਡੀ ਜਥੇ ਨੂੰ ਸਿਰਪਾਓ ਭੇਂਟ ਕਰਕੇ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋ ਬਿਨਾਂ ਭਾਈ ਪਰਮਜੀਤ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਵਰਲਡ ਸਿੱਖ ਮਿਸ਼ਨ ਦੇ ਪ੍ਰਧਾਨ ਜਥੇਦਾਰ ਨਰਿੰਦਰ ਸਿੰਘ ਹਰਨੌਲੀ, ਵਿੱਤ ਸਕੱਤਰ ਭਾਈ ਕੁਲਵੰਤ ਸਿੰਘ, ਭਾਈ ਰਣਜੀਤ ਸਿੰਘ ਬਾਦਲ, ਭਾਈ ਰਣਜੀਤ ਸਿੰਘ, ਭਾਈ ਪ੍ਰਿਥੀ ਸਿੰਘ, ਭਾਈ ਰਵਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ, ਭਾਈ ਸੰਦੀਪ ਸਿੰਘ, ਭਾਈ ਮਨਦੀਪ ਸਿੰਘ, ਭਾਈ ਬਲਕਾਰ ਸਿੰਘ, ਗ੍ਰੰਥੀ ਭਾਈ ਗੁਰਮੀਤ ਸਿੰਘ, ਭਾਈ ਕੁਲਦੀਪ ਸਿੰਘ ਗੋਗੀ, ਗੁਰਵਿੰਦਰ ਸਿੰਘ, ਪਰਮਜੀਤ ਸਿੰਘ, ਪ੍ਰਿਤਪਾਲ ਸਿੰਘ, ਸਤਨਾਮ ਸਿੰਘ, ਹਰਵਿੰਦਰ ਸਿੰਘ ਸਾਬਕਾ ਸਰਪੰਚ ਸਹੌੜਾਂ, ਜਸਵਿੰਦਰ ਸਿੰਘ ਜੱਸੀ ਗਿੱਲ, ਭੁਪਿੰਦਰ ਸਿੰਘ, ਬਰਿੰਦਰ ਸਿੰਘ, ਸਮਰਜੀਤ ਸਿੰਘ, ਪਾਲ ਸਿੰਘ, ਕਰਨੈਲ ਸਿੰਘ, ਰਣਜੀਤ ਸਿੰਘ, ਜਸਵਿੰਦਰ ਸਿੰਘ ਅਤੇ ਬੋਬੀ ਸਿੰਘ ਪਾਸ਼ਵਾਨ ਆਦਿ ਵੀ ਹਾਜ਼ਰ ਸਨ।

# ਗੁਰਦੁਆਰਾ ਸੰਤ ਆਸ਼ਰਮ ਈਸ਼ਰਸਰ ਸਾਹਿਬ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਸੰਦੌੜ (ਲੋਕ ਬਾਣੀ) ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਸੰਤ ਬਾਬਾ ਰਣਜੀਤ ਸਿੰਘ ਜੀ ਪੰਜਗਰਾਈਆਂ ਵਾਲਿਆ ਦੀ ਸਾਲਾਨਾ ਬਰਸੀ ਮੌਕੇਂ ਨਿੱਘੀ ਯਾਦ ਵਿੱਚ ਗੁਰਦੁਆਰਾ ਸੰਤ ਆਸ਼ਰਮ ਈਸ਼ਰਸਰ ਫ਼ਤਹਿਗੜ੍ਹ ਪੰਜਗਰਾਈਆਂ ਵਿਖੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਲਕਾਰ ਸਿੰਘ ਜੀ ਪੰਜਗਰਾਈਆਂ ਵਾਲਿਆ ਦੀ ਅਗਵਾਈ ਹੇਠ ਬੱਚਿਆਂ ਨੂੰ ਬਾਣੀ ਬਾਣੇ ਨਾਲ ਜੋੜਨ ਲਈ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ ਜਿਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸੰਤ ਆਸ਼ਰਮ ਈਸ਼ਰਸਰ ਫ਼ਤਹਿਗੜ੍ਹ ਪੰਜਗਰਾਈਆਂ ਦੇ ਸੈਕਟਰੀ ਭਾਈ ਹਰਵਿੰਦਰ ਸਿੰਘ ਤੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਮੁੱਖ ਸੇਵਾਦਾਰ ਮਨਦੀਪ ਸਿੰਘ ਖੁਰਦ ਨੇ ਦੱਸਿਆ ਕਿ ਗੁਰਬਾਣੀ ਕੰਠ ਦੌਰਾਨ ਸੈਂਕੜੇ ਬੱਚਿਆਂ ਨੇ ਭਾਗ ਲਿਆ ਜੇਤੂ ਬੱਚਿਆਂ ਨੂੰ ਹਾਜ਼ਰਾ ਦੇ ਨਗਦ ਇਨਾਮ ਯਾਦਗਾਰੀ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ ਨਾਲ ਹੀ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਮੈਡਲ, ਪ੍ਰਸੰਸਾ ਪੱਤਰ ਤੇ ਧਾਰਮਿਕ ਲਿਟਰੇਚਰ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਭਾਈ ਸਵਿੰਦਰ ਸਿੰਘ ਗੱਜੂਗਾਜੀ, ਭਾਈ ਗੁਰਪ੍ਰੀਤ ਸਿੰਘ ਕੁਲਾਰ, ਭਾਈ ਬਲਜਿੰਦਰ ਸਿੰਘ ਧਨੌਲਾ, ਕਿਰਨਦੀਪ ਸਿੰਘ ਖਾਲਸਾ, ਬੀਬੀ ਜਸਪਿੰਦਰ ਕੌਰ

# ਮਾਤਾ ਗੁਜਰੀ ਜੀ ਸਵਰਾਜ ਨਗਰ ਖਰੜ ਵਿਖੇ ਧਾਰਮਿਕ ਸਮਾਗਮ ਕਰਾਇਆ ਗਿਆ



ਖਰੜ (ਕਾਲਾ ਸਿੰਘ ਸੈਣੀ )- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ ਸਵਰਾਜ ਨਗਰ ਖਰੜ ਵਿਖੇ ਧਾਰਮਿਕ ਸਮਾਗਮ ਕਰਾਇਆ ਗਿਆ ਇਸ ਸਬੰਧੀ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੀ ਅਰਦਾਸ ਤੋਂ ਉਪਰਾਂਤ ਦੀਵਾਨ ਸਜਾਏ ਗਏ ਇਸ ਮੌਕੇ ਬੀਬੀਆਂ ਦੇ ਜਥੇ ਵੱਲੋਂ ਵੀ ਕੀਰਤਨ ਨਾਲ ਹਾਜਰੀ ਲਗਾਈ ਗਈ ਉਨਾਂ ਤੋਂ ਬਾਅਦ ਭਾਈ ਸੁਖਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ ਦੇ ਜੱਥੇ ਵੱਲੋਂ ਅਤੇ ਭਾਈ ਰਾਮ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਕੇਸਗੜ੍ਹ ਸਾਹਿਬ ਸ਼੍ਰੀ ਅਨੰਦਪੁਰ ਸਾਹਿਬ ਵਾਲਿਆਂ ਦੇ ਜੱਥੇ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਸਮਾਗਮ ਦੀ ਸਮਾਪਤੀ ਤੋਂ ਬਾਅਦ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ।

# ਮਾਲੇਰਕੋਟਲਾ ਨਗਰ ਕੌਂਸਲ ਵਿਖੇ ਗਰੇਵਾਲ ਚੌਂਕ ਦਾ ਨਾਂਅ ਬਦਲ ਕੇ ਹਾਅ ਦਾ ਨਾਅਰਾ ਚੌਂਕ ਰੱਖੇ ਜਾਣ ਸਬੰਧੀ ਮੀਟਿੰਗ ਹੋਈ





ਮਾਲੇਰਕੋਟਲਾ (ਲੋਕ ਬਾਣੀ) ਸਥਾਨਕ ਨਗਰ ਕੌਂਸਲ ਦੀ ਮੀਟਿੰਗ ‘ਚ ਸਥਾਨਕ ਗਰੇਵਾਲ ਚੌਂਕ ਦਾ ਨਾਂਅ ਬਦਲ ਕੇ ਹਾਅ ਦਾ ਨਾਅਰਾ ਚੌਂਕ ਰੱਖੇ ਜਾਣ ਤੇ ਮਾਲੇਰਕੋਟਲਾ ਵਾਸੀਆਂ ਵਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੌਂਸਲਰ ਮਹਿੰਦਰ ਸਿੰਘ ਪੂਰਬੀ ਅਤੇ ਨਗਰ ਕੌਂਸਲ ਪ੍ਰਧਾਨ ਬੀਬੀ ਨਸਰੀਨ ਅਸ਼ਰਫ ਅਬਦੁਲਾ ਦੇ ਪਤੀ ਮੁਹੰਮਦ ਅਸ਼ਰਫ ਨੇ ਦੱਸਿਆ ਕਿ ਮਾਲੇਰਕੋਟਲਾ ਦੇ ਨਵਾਬ ਸ਼ੇਰ ਮੁਹੰਮਦ ਖਾਂ ਵਲੋਂ ਗੁਰੂ ਸਾਹਿਬ ਦੇ ਸਾਹਿਬਜਾਦਿਆਂ ਦੇ ਹੱਕ ‘ਚ ਹਾਅ ਦਾ ਨਾਅਰਾ ਮਾਰਿਆ ਗਿਆ ਸੀ, ਜਿਸ ਸਬੰਧੀ ਉਕਤ ਚੌਂਕ ਦੇ ਨੇੜੇ ਗੁਰਦੁਆਰਾ ਸਾਹਿਬ ਹਾਅ ਦਾ ਨਾਅਰਾ ਵੀ ਸਥਿਤ ਹੈ, ਨੂੰ ਦੇਖਦਿਆਂ ਗਰੇਵਾਲ ਚੌਂਕ ਦਾ ਨਾਂਅ ਹਾਅ ਦਾ ਨਾਅਰਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਅਤੇ ਸਿੱਖ ਸੰਗਤ ਦੀ ਮੰਗ ਨੂੰ ਦੇਖਦਿਆਂ ਵਿਧਾਇਕ ਡਾ.ਜ਼ਮੀਲ-ਉਰ-ਰਹਿਮਾਨ ਦੀ ਅਗਵਾਈ ਹੇਠ ਅਤੇ ਪ੍ਰਧਾਨ ਬੀਬੀ ਨਸਰੀਨ ਅਸ਼ਰਫ ਅਬਦੁਲਾ ਦੀ ਪ੍ਰਧਾਨਗੀ ਹੇਠ ਨਗਰ ਕੌਂਸਲ ਦੀ ਮੀਟਿੰਗ ‘ਚ ਉਕਤ ਚੌਂਕ ਦੇ ਨਾਂਅ ਬਦਲੀ ਨੂੰ ਪ੍ਰਵਾਨਗੀ ਦੇ ਕੇ ਉੱਪਰ ਭੇਜਿਆ ਗਿਆ ਹੈ। ਉਨ੍ਹਾਂ ਕਿਹਾ ਮਾਲੇਰਕੋਟਲਾ ਦੇ ਇਤਿਹਾਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਯਾਦਗਾਰ ਬਣਾਉਣਾ ਬਹੁਤ ਜ਼ਰੂਰੀ ਹੈ। ਸ.ਪੂਰਬੀ ਨੇ ਕਿਹਾ ਕਿ ਵਿਧਾਇਕ ਡਾ.ਜ਼ਮੀਲ-ਉਰ-ਰਹਿਮਾਨ ਦੀ ਅਗਵਾਈ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੰਗਤਾਂ ਦੇ ਸਹਿਯੋਗ ਨਾਲ ਉਕਤ ਚੌਂਕ ਨੂੰ ਹੀ ਨਹੀਂ ਬਲਕਿ ਚੌਂਕ ਤੋਂ ਲੈ ਕੇ ਗੁਰਦੁਆਰਾ ਸਾਹਿਬ ਤੱਕ ਜਾਂਦੀ ਸੜਕ ਨੂੰ ਵੀ ਇਤਿਹਾਸਿਕ ਦਿੱਖ ਨਾਲ ਸਜਾਇਆ ਜਾਵੇਗਾ। ਉਨ੍ਹਾਂ ਉਕਤ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਵਿਧਾਇਕ ਡਾ.ਜ਼ਮੀਲ-ਉਰ-ਰਹਿਮਾਨ ਦੀ ਅਗਵਾਈ ਹੇਠ ਹਲਕਾ ਮਾਲੇਰਕੋਟਲਾ ਚਹੁਮੁੱਖੀ ਵਿਕਾਸ ਵੱਲ ਵੱਧ ਰਿਹਾ ਹੈ।